ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ.ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 4 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੨੧ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਦਿੱਲੀ ਦੇ ਪ੍ਰਦੂਸ਼ਣ ਲਈ ਪੰਜਾਬ ਦੇ ਕਿਸਾਨ ਨਹੀਂ ਜ਼ਿੰਮੇਵਾਰ...ਸਰਕਾਰਾਂ ਤੇ ਲੀਡਰਾਂ ਦੀ ਖੁੱਲ੍ਹ ਗਈ ਪੋਲ

**ਨਵੀਂ ਦਿੱਲੀ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਪ੍ਰਦੂਸ਼ਣ ਲਈ ਪੰਜਾਬ ਦੇ ਕਿਸਾਨ ਜ਼ਿੰਮੇਵਾਰ ਨਹੀਂ ਹਨ। ਇਹ ਦਾਅਵਾ ਕਿਸੇ ਹੋਰ ਨਹੀਂ ਸਗੋਂ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦੇ ਮੈਂਬਰ ਨੇ ਕੀਤਾ ਹੈ। ਐਨਜੀਟੀ ਮੈਂਬਰ ਜਸਟਿਸ ਸੁਧੀਰ ਅਗਰਵਾਲ ਦਾ ਕਹਿਣਾ ਹੈ ਕਿ ਦਿੱਲੀ ਦੇ ਪ੍ਰਦੂਸ਼ਣ ਲਈ ਪੰਜਾਬ ਦੇ ਕਿਸਾਨਾਂ ਨੂੰ ਜ਼ਿੰਮੇਵਾਰ ਠਹਿਰਾਉਣਾ ਠੀਕ ਨਹੀਂ। ਉਨ੍ਹਾਂ ਦਾਅਵਾ ਕੀਤਾ ਕਿ ਅਜਿਹਾ ਕੋਈ ਵਿਗਿਆਨਕ ਅਧਿਐਨ ਨਹੀਂ ਜੋ ਇਹ ਸਾਬਤ ਕਰਦਾ ਹੋਵੇ ਕਿ ਦਿੱਲੀ ਦੇ ਪ੍ਰਦੂਸ਼ਣ ਲਈ ਪੰਜਾਬ ਜ਼ਿੰਮੇਵਾਰ ਹੈ। ਉਨ੍ਹਾਂ ਕਿਹਾ ਕਿ ਅਜਿਹੀ ਸਥਿਤੀ ਵਿੱਚ ਪਰਾਲੀ ਸਾੜਨ ਲਈ ਕਿਸਾਨਾਂ ਨੂੰ ਜੁਰਮਾਨਾ ਲਾ ਕੇ ਜੇਲ੍ਹ ਭੇਜਣਾ ਸਰਾਸਰ ਗਲਤ ਹੈ। ਉਨ੍ਹਾਂ ਇਸ ਨੂੰ ਕਿਸਾਨਾਂ ਨਾਲ ਘੋਰ ਬੇਇਨਸਾਫ਼ੀ ਕਰਾਰ ਦਿੱਤਾ ਹੈ। ਜਸਟਿਸ ਅਗਰਵਾਲ ਨੇ ਕਿਹਾ ਕਿ ਪੰਜਾਬ ਤੋਂ ਧੂੰਆਂ ਰਾਸ਼ਟਰੀ ਰਾਜਧਾਨੀ ਖੇਤਰ ਤੱਕ ਪਹੁੰਚਣ ਲਈ ਹਵਾ ਦੀ ਖਾਸ ਗਤੀ ਤੇ ਇੱਕ ਖਾਸ ਦਿਸ਼ਾ ਦੀ ਲੋੜ ਹੁੰਦੀ ਹੈ। ਖਾਸ ਗੱਲ ਇਹ ਹੈ ਕਿ ਦਿੱਲੀ ਦੀ ਹਵਾ ਵਿੱਚ ਤੇਲਯੁਕਤ ਤੱਤ ਹੁੰਦੇ ਹਨ। ਇਸ ਦੇ ਨਾਲ ਹੀ, ਫਸਲਾਂ ਦੀ ਰਹਿੰਦ-ਖੂੰਹਦ ਜੋ ਕੁਦਰਤੀ ਤੌਰ 'ਤੇ ਬਾਇਓਡੀਗ੍ਰੇਡੇਬਲ ਹੈ, ਦਾ ਦਿੱਲੀ ਵਿੱਚ ਫੈਲਣਾ ਸੰਭਵ ਨਹੀਂ। ਉਨ੍ਹਾਂ ਕਿਹਾ ਕਿ ਦਿੱਲੀ ਦੇ ਪ੍ਰਦੂਸ਼ਣ ਦਾ ਅਸਲ ਕਾਰਨ ਕੁਝ ਹੋਰ ਹੈ। ਅਜਿਹੇ 'ਚ ਕਿਸਾਨਾਂ 'ਤੇ ਮਾਮਲਾ ਦਰਜ ਕਰਨਾ ਗਲਤ ਹੈ। ਜਸਟਿਸ ਸੁਧੀਰ ਅਗਰਵਾਲ ਨੇ ਸਿਆਸੀ ਲੀਡਰਾਂ ਤੇ ਸਰਕਾਰਾਂ ਦੀ ਪੋਲ ਖੋਲ੍ਹ ਦਿੱਤੀ ਹੈ ਜੋ ਪਿਛਲੇ ਕਈ ਸਾਲਾਂ ਤੋਂ ਦਾਅਵਾ ਕਰਦੇ ਆ ਰਹੇ ਹਨ ਕਿ ਦਿੱਲੀ ਦੇ ਪ੍ਰਦੂਸ਼ਣ ਲਈ ਪੰਜਾਬ ਦੇ ਕਿਸਾਨ ਜ਼ਿੰਮੇਵਾਰ ਹਨ।

### ਸੁਖਬੀਰ ਬਾਦਲ ਨੇ ਅੰਦਰੋਂ-ਅੰਦਰੀ ਕਰ ਲਿਆ ਜੋੜ-ਤੋੜ, ਬਦਲੇ ਸਾਰੇ ਸਮੀਕਰਨ

# ਨਹੀਂ ਬਦਲੇਗਾ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ !

**ਚੰਡੀਗੜ੍ਹ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਉਪਰ ਬਾਦਲ ਪਰਿਵਾਰ ਦਾ ਹੀ ਕਬਜ਼ਾ ਰਹੇਗਾ। ਬਗਾਵਤ ਦੇ ਬਾਵਜੂਦ ਸ਼੍ਰੋਮਣੀ ਅਕਾਲੀ ਦਲ ਦੀ ਕਮਾਨ ਸੁਖਬੀਰ ਬਾਦਲ ਦੇ ਹੀ ਹੱਥ ਰਹੇਗੀ। ਬਗਾਵਤ



ਮਗਰੋਂ ਸੁਖਬੀਰ ਬਾਦਲ ਨੇ ਅੰਦਰੋਂ-ਅੰਦਰੀ ਸਭ ਸੈੱਟ ਕਰ ਲਿਆ ਹੈ। ਇਸ ਵੇਲੇ ਵੱਡੀ ਗਿਣਤੀ ਅਕਾਲੀ ਲੀਡਰ ਤੇ ਸ਼੍ਰੋਮਣੀ ਕਮੇਟੀ ਮੈਂਬਰ ਸੁਖਬੀਰ ਬਾਦਲ ਨਾਲ ਡਟ ਗਏ ਹਨ। ਇਸ ਤਰ੍ਹਾਂ ਸੁਖਬੀਰ ਬਾਦਲ ਨੇ ਆਪਣੀ ਕੁਰਸੀ ਸੁਰੱਖਿਅਤ ਕਰ ਲਈ ਹੈ। ਸੁਖਬੀਰ ਬਾਦਲ ਧੜੇ ਦਾ ਦਾਅਵਾ ਹੈ ਕਿ 117 ਨੇਤਾਵਾਂ 'ਚੋਂ ਸਿਰਫ 5 ਨੇਤਾ ਸੁਖਬੀਰ ਬਾਦਲ ਦੇ ਖਿਲਾਫ ਹਨ। ਜਦਕਿ 112 ਆਗੂ ਪਾਰਟੀ ਤੇ ਸੁਖਬੀਰ ਬਾਦਲ ਦੇ ਨਾਲ ਖੜ੍ਹੇ ਹਨ। ਇਸ ਦੇ ਨਾਲ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 93 ਮੈਂਬਰਾਂ ਨੇ ਵੀ ਸੁਖਬੀਰ ਬਾਦਲ ਦੀ ਅਗਵਾਈ ਵਿੱਚ ਭਰੋਸਾ ਪ੍ਰਗਟਾਇਆ ਹੈ। ਅਹਿਮ ਗੱਲ ਹੈ ਕਿ ਸੁਖਬੀਰ ਬਾਦਲ ਨੇ ਅਕਾਲੀ ਦਲ ਦੇ ਲੀਡਰਾਂ ਤੇ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਨਾਲ ਮੀਟਿੰਗਾਂ ਦੌਰਾਨ ਅਸਤੀਫੇ ਦੀ ਪੇਸ਼ਕਸ਼ ਕੀਤੀ ਪਰ ਇਹ ਠੁਕਰਾ ਦਿੱਤੀ ਗਈ। ਇਸ ਤੋਂ ਤੈਅ ਹੈ ਕਿ ਸੁਖਬੀਰ ਬਾਦਲ ਨੇ ਆਪਣੇ ਹਮਾਇਤੀਆਂ ਤੋਂ ਆਪਣੀ ਪ੍ਰਧਾਨਗੀ ਉਪਰ ਮੋਹਰ ਲਵਾ ਲਈ ਹੈ। ਦੂਜੇ ਪਾਸੇ ਸੁਖਬੀਰ ਬਾਦਲ ਨੂੰ ਅਹੁਦੇ ਤੋਂ ਹਟਾਉਣ ਵਾਲੇ ਲੀਡਰ ਗਿਣਤੀ ਪੱਖੋਂ ਘੱਟ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਵੀ ਉਨ੍ਹਾਂ ਦੀ ਗਿਣਤੀ ਘੱਟ ਹੈ। ਇਸ ਲਈ ਉਹ ਸੁਖਬੀਰ ਬਾਦਲ ਦੀ ਕੁਰਸੀ ਨਹੀਂ ਹਿਲਾ ਸਕਣਗੇ ਪਰ ਵੱਖਰਾ ਦਲ ਬਣਾ ਨੇ ਖੋਰਾ ਜ਼ਰੂਰ ਲਾ ਸਕਦੇ ਹਨ। ਦਰਅਸਲ ਸੁਖਬੀਰ ਬਾਦਲ ਨੂੰ ਮੰਗਲਵਾਰ ਉਸ ਵੇਲੇ ਬਲ ਮਿਲਿਆ ਜਦੋਂ ਸ਼੍ਰੋਮਣੀ ਅਕਾਲੀ ਦਲ ਦੀ ਮੀਟਿੰਗ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਵੀ ਉਨ੍ਹਾਂ ਦੀ ਪਿੱਠ ਥਾਪੜੀ। ਮੀਟਿੰਗ ਵਿੱਚ ਕਰੀਬ 93 ਮੈਂਬਰ ਪੁੱਜੇ ਜਿਨ੍ਹਾਂ ਨੇ ਸੁਖਬੀਰ ਬਾਦਲ ਦੀ ਲੀਡਰਸ਼ਿਪ ਵਿੱਚ ਭਰੋਸਾ ਜ਼ਾਹਿਰ ਕੀਤਾ। ਮੀਟਿੰਗ ਵਿੱਚ ਸੁਖਬੀਰ ਬਾਦਲ ਨੇ ਸ਼੍ਰੋਮਣੀ ਕਮੇਟੀ ਅੱਗੇ ਅਸਤੀਫ਼ੇ ਦੀ ਪੇਸ਼ਕਸ਼ ਕੀਤੀ ਪਰ ਮੈਂਬਰਾਂ ਨੇ ਇਸ ਨੂੰ ਠੁਕਰਾ ਦਿੱਤਾ। ਮੀਟਿੰਗ ਵਿੱਚ ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਬਣਾਏ ਜਾਣ ਦੀ ਅਪੀਲ ਵੀ ਕੀਤੀ ਗਈ। ਪਾਰਟੀ ਪ੍ਰਧਾਨ ਸੁਖਬੀਰ ਬਾਦਲ ਨੇ ਬਿਨਾਂ ਕਿਸੇ ਦਾ ਨਾਮ ਲਏ ਸ਼੍ਰੋਮਣੀ ਕਮੇਟੀ ਮੈਂਬਰਾਂ ਨੂੰ ਚੌਕਸ ਕਰਦਿਆਂ ਕਿਹਾ ਕਿ ਬਹੁਤ ਸਾਰੀਆਂ ਤਾਕਤਾਂ ਹੁਣ ਸ਼੍ਰੋਮਣੀ ਕਮੇਟੀ ਨੂੰ ਤੋੜਨਾ ਚਾਹੁੰਦੀਆਂ ਹਨ ਜਿਸ ਕਰਕੇ ਅਜਿਹੇ ਲੋਕਾਂ ਦੀਆਂ ਚਾਲਾਂ ਤੋਂ ਸੁਚੇਤ ਰਹਿਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਕਿਤੇ ਗੱਲਾਂ ਵਿੱਚ ਨਾ ਆ ਜਾਇਓ। ਸੁਖਬੀਰ ਬਾਦਲ ਨੇ ਸ਼੍ਰੋਮਣੀ ਕਮੇਟੀ ਮੈਂਬਰਾਂ ਨੂੰ ਹੱਲਾਸ਼ੇਰੀ ਦਿੱਤੀ।

## ਕੰਗਣਾ ਨੂੰ ਥੱਪੜ ਮਾਰਨ ਵਾਲੀ ਕੁਲਵਿੰਦਰ ਕੌਰ ਦੇ ਤਬਾਦਲੇ ਦੀਆਂ ਖ਼ਬਰਾਂ ਵਿਚਾਲੇ ਸੀ.ਆਈ.ਐੱਸ.ਐੱਫ.ਦਾ ਬਿਆਨ ਆਇਆ ਸਾਹਮਣੇ

**ਚੰਡੀਗੜ੍ਹ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਏਅਰਪੋਰਟ 'ਤੇ ਕੰਗਨਾ ਰਣੌਤ ਨੂੰ ਥੱਪੜ ਮਾਰਨ ਵਾਲੀ ਸੀ. ਆਈ. ਐੱਸ. ਐੱਫ. ਦੀ ਮਹਿਲਾ ਕਾਂਸਟੇਬਲ ਕੁਲਵਿੰਦਰ ਕੌਰ ਦੇ ਬੰਗਲੁਰੂ ਤਬਾਦਲੇ ਦੀਆਂ ਖ਼ਬਰਾਂ ਸਾਹਮਣੇ ਆਉਣ ਤੋਂ ਬਾਅਦ ਸੀ. ਆਈ. ਐੱਸ. ਐੱਫ ਦਾ ਬਿਆਨ ਸਾਹਮਣੇ ਆਇਆ ਹੈ। ਸੀ. ਆਈ. ਐੱਸ. ਐੱਫ ਨੇ ਕੁਲਵਿੰਦਰ ਕੌਰ ਦੇ ਤਬਾਦਲੇ ਦੀਆਂ ਖ਼ਬਰਾਂ ਦਾ ਖੰਡਨ ਕੀਤਾ ਹੈ। ਸੀ.ਆਈ.ਐੱਸ.ਐੱਫ.ਦਾ ਆਖਣਾ ਹੈ ਕਿ ਭਾਜਪਾ ਸੰਸਦ ਮੈਂਬਰ ਨੂੰ ਥੱਪੜ ਮਾਰਨ ਵਾਲੀ ਮਹਿਲਾ ਕਾਂਸਟੇਬਲ ਕੁਲਵਿੰਦਰ ਕੌਰ ਦੀ ਮੁਅੱਤਲੀ ਹੁਣ ਤੱਕ ਜਾਰੀ ਹੈ। ਉਸ ਖ਼ਿਲਾਫ਼ ਵਿਭਾਗ ਵੱਲੋਂ ਲਗਾਤਾਰ ਜਾਂਚ ਵੀ ਜਾਰੀ ਹੈ।



**ਕੀ ਹੈ ਪੂਰਾ ਮਾਮਲਾ :** ਦੱਸਣਯੋਗ ਹੈ ਕਿ ਅੱਜ ਮੀਡੀਆ ਦੇ ਇਕ ਹਿੱਸੇ ਵਿਚ ਕੁਲਵਿੰਦਰ ਕੌਰ ਦੇ ਤਬਾਦਲੇ ਦੀਆਂ ਖ਼ਬਰਾਂ ਨਸ਼ਰ ਹੋਈਆਂ ਸਨ। ਜਿਸ ਵਿਚ ਆਖਿਆ ਗਿਆ ਸੀ ਕਿ ਚੰਡੀਗੜ੍ਹ ਏਅਰਪੋਰਟ 'ਤੇ ਕੰਗਨਾ ਰਣੌਤ ਦੇ ਥੱਪੜ ਮਾਰਨ ਵਾਲੀ ਸੀ.ਆਈ.ਐੱਸ.ਐੱਫ. ਮੁਲਾਜ਼ਮ ਕੁਲਵਿੰਦਰ ਕੌਰ ਨੂੰ ਬਹਾਲ ਕਰ ਦਿੱਤਾ ਗਿਆ ਹੈ ਅਤੇ ਉਸ ਦਾ ਤਬਾਦਲਾ ਕਰ ਦਿੱਤਾ ਗਿਆ ਹੈ। ਚੰਡੀਗੜ੍ਹ ਏਅਰਪੋਰਟ 'ਤੇ ਤਾਇਨਾਤ ਕੁਲਵਿੰਦਰ ਕੌਰ ਨੂੰ ਹੁਣ ਬੰਗਲੁਰੂ ਵਿਚ ਸ਼ਿਫਟ ਕਰ ਦਿੱਤਾ ਗਿਆ ਹੈ। ਜਿਸ ਤੋਂ ਬਾਅਦ ਸੀ.ਆਈ.ਐੱਸ.ਐੱਫ. ਨੇ ਇਨ੍ਹਾਂ ਖ਼ਬਰਾਂ ਦਾ ਖੰਡਨ ਕੀਤਾ ਹੈ।

## ਦੁਪਹਿਰ 'ਆਪ' 'ਚ ਸ਼ਾਮਲ ਹੋਈ ਉਮੀਦਵਾਰ ਦੇਰ ਰਾਤ ਵਾਪਸ ਅਕਾਲੀ ਦਲ 'ਚ ਪਰਤੀ, ਦੇਖਦੇ ਰਹਿ ਗਏ ਸੀਐੱਮ

**ਜਲੰਧਰ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਪੱਛਮੀ ਜ਼ਿਮਨੀ ਚੋਣ ਲਈ ਵੋਟਿੰਗ 10 ਜੁਲਾਈ ਨੂੰ ਹੋਣ ਜਾ ਰਹੀ ਹੈ। ਪਰ ਵੋਟਾਂ ਤੋਂ ਪਹਿਲਾਂ ਵੱਡਾ ਸਿਆਸੀ ਫੇਰਬਦਲ ਦੇਖਣ ਨੂੰ



ਮਿਲਿਆ। ਮੁੱਖ ਮੰਤਰੀ ਭਗਵੰਤ ਮਾਨ ਦੀ ਹਾਜ਼ਰੀ 'ਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਈ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਸੁਰਜੀਤ ਕੌਰ ਬੀਤੀ ਦੇਰ ਸ਼ਾਮ ਮੁੜ ਅਕਾਲੀ ਦਲ ਵਿੱਚ ਵਾਪਸ ਚਲੀ ਗਈ ਹੈ। ਸੁਰਜੀਤ ਕੌਰ ਦੀ ਵਾਪਸੀ ਅਕਾਲੀ ਦਲ ਦੇ ਬਾਗੀ ਧੜੇ ਦੀ ਆਗੂ ਬੀਬੀ ਜਗੀਰ ਕੌਰ ਅਤੇ ਗੁਰਪ੍ਰਤਾਪ ਸਿੰਘ ਵਡਾਲਾ ਨੇ ਕੀਤੀ ਹੈ। ਮੰਗਲਵਾਰ ਦੁਪਹਿਰ ਨੂੰ ਸੁਰਜੀਤ ਕੌਰ ਅਚਾਨਕ ਆਮ ਆਦਮੀ ਪਾਰਟੀ (ਆਪ) ਵਿੱਚ ਸ਼ਾਮਲ ਹੋ ਗਈ। ਉਨ੍ਹਾਂ ਇਹ ਫੈਸਲਾ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਤੋਂ ਬਾਅਦ ਲਿਆ। ਜਿਸ ਤੋਂ ਬਾਅਦ ਮੁੱਖ ਮੰਤਰੀ ਨੇ ਉਨ੍ਹਾਂ ਦਾ ਜਲੰਧਰ ਸਥਿਤ ਘਰ 'ਤੇ ਪਾਰਟੀ 'ਚ ਸਵਾਗਤ ਕੀਤਾ। ਸੁਰਜੀਤ ਕੌਰ ਨੂੰ ਜੁਆਇਨ ਕਰਨ ਤੋਂ ਬਾਅਦ ਸੀਐੱਮ ਮਾਨ ਨੇ ਕਿਹਾ ਸੀ ਕਿ ਉਹ ਭੈਣ ਨੂੰ ਸਰਕਾਰ ਵਿੱਚ ਚੰਗੀ ਜ਼ਿੰਮੇਵਾਰੀ ਦੇਣਗੇ। ਜੋ ਵੀ ਪੱਧਰ 'ਤੇ ਹੋਵੇਗਾ, ਅਸੀਂ ਸੁਰਜੀਤ ਕੌਰ ਨੂੰ ਸਰਕਾਰ ਵਿਚ ਥਾਂ ਦੇਵਾਂਗੇ। ਸੁਰਜੀਤ ਕੌਰ ਨੇ ਵੀ ਸੁਖਬੀਰ ਬਾਦਲ ਦੀ ਅਗਵਾਈ ਵਾਲੇ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਵਜੋਂ ਨਾਮਜ਼ਦਗੀ ਦਾਖਲ ਕੀਤੀ ਸੀ। ਜਲੰਧਰ ਸੀਟ 'ਤੇ 10 ਜੁਲਾਈ ਨੂੰ ਵੋਟਿੰਗ ਹੋਣੀ ਹੈ। ਆਮ ਆਦਮੀ ਪਾਰਟੀ ਨੇ ਭਾਜਪਾ ਦੇ ਸਾਬਕਾ ਮੰਤਰੀ ਚੂਨੀ ਲਾਲ ਭਗਤ ਦੇ ਪੁੱਤਰ ਮਹਿੰਦਰ ਭਗਤ ਨੂੰ ਉਮੀਦਵਾਰ ਬਣਾਇਆ ਹੈ। ਸੁਰਜੀਤ ਕੌਰ ਨੇ ਅਕਾਲੀ ਦਲ ਦੀ ਉਮੀਦਵਾਰ ਵਜੋਂ ਨਾਮਜ਼ਦਗੀ ਦਾਖ਼ਲ ਕੀਤੀ ਸੀ। ਇਸ ਦੌਰਾਨ ਅਕਾਲੀ ਦਲ ਵਿੱਚ ਫੁੱਟ ਪੈ ਗਈ। ਪਾਰਟੀ ਪ੍ਰਧਾਨ ਸੁਖਬੀਰ ਬਾਦਲ ਖਿਲਾਫ ਬਗਾਵਤ ਹੋ ਗਈ। ਜਿਸ ਦੀ ਅਗਵਾਈ ਸੀਨੀਅਰ ਆਗੂ ਪ੍ਰੇਮ ਸਿੰਘ ਚੰਦੂਮਾਜਰਾ, ਬੀਬੀ ਜਗੀਰ ਕੌਰ ਅਤੇ ਸਾਬਕਾ ਵਿਧਾਇਕ ਗੁਰਪ੍ਰਤਾਪ ਵਡਾਲਾ ਸਮੇਤ ਕਈ ਆਗੂ ਕਰ ਰਹੇ ਹਨ। ਉਨ੍ਹਾਂ ਦੀ ਸਿਫ਼ਾਰਸ਼ 'ਤੇ ਅਕਾਲੀ ਦਲ ਵੱਲੋਂ ਸੁਰਜੀਤ ਕੌਰ ਦੀ ਨਾਮਜ਼ਦਗੀ ਦਾਖ਼ਲ ਕੀਤੀ ਗਈ ਸੀ। ਕੁਝ ਦਿਨ ਪਹਿਲਾਂ ਸੁਖਬੀਰ ਬਾਦਲ ਨੇ ਚੰਡੀਗੜ੍ਹ ਵਿੱਚ ਮੀਟਿੰਗ ਸੱਦੀ ਸੀ। ਜਿਸ ਵਿੱਚ ਇਨ੍ਹਾਂ ਬਾਗੀ ਆਗੂਆਂ ਨੇ ਨਾ ਜਾ ਕੇ ਜਲੰਧਰ ਵਿੱਚ ਵੱਖਰੀ ਮੀਟਿੰਗ ਕਰਕੇ ਕਿਹਾ ਕਿ ਅਕਾਲੀ ਦਲ ਵਿੱਚ ਬਦਲਾਅ ਦੀ ਲੋੜ ਹੈ। ਇਹ ਸਿੱਧੇ ਤੌਰ 'ਤੇ ਸੁਖਬੀਰ ਬਾਦਲ ਦੀ ਲੀਡਰਸ਼ਿਪ 'ਤੇ ਸਵਾਲ ਉਠਾਉਣਾ ਸੀ। ਜਿਸ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਦੇ ਪੱਖ ਦੇ ਸੀਨੀਅਰ ਅਕਾਲੀ ਆਗੂ ਦਲਜੀਤ ਸਿੰਘ ਚੀਮਾ ਨੇ ਇੱਕ ਬਿਆਨ ਜਾਰੀ ਕਰਕੇ ਕਿਹਾ ਸੀ ਕਿ ਜਲੰਧਰ ਉਪ ਚੋਣ ਵਿੱਚ ਜਿਸ ਉਮੀਦਵਾਰ ਨੂੰ ਮੈਦਾਨ ਵਿੱਚ ਉਤਾਰਿਆ ਗਿਆ ਹੈ, ਅਕਾਲੀ ਦਲ ਉਨ੍ਹਾਂ ਦਾ ਸਮਰਥਨ ਨਹੀਂ ਕਰੇਗਾ।

## 5 ਜੁਲਾਈ ਨੂੰ ਅਹੁਦੇ ਦੀ ਸਹੁੰ ਚੁੱਕਣਗੇ ਭਾਈ ਅੰਮ੍ਰਿਤਪਾਲ ਸਿੰਘ !

**ਨਵੀਂ ਦਿੱਲੀ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਐਨਐਸਏ ਤਹਿਤ ਬੰਦ ਖਾਲਿਸਤਾਨ ਸਮਰਥਕ ਤੇ ਖਡੂਰ ਸਾਹਿਬ ਤੋਂ ਲੋਕ ਸਭਾ ਚੋਣ ਜਿੱਤਣ ਵਾਲੇ ਅੰਮ੍ਰਿਤਪਾਲ ਸਿੰਘ 5 ਜੁਲਾਈ ਨੂੰ ਆਪਣੇ ਅਹੁਦੇ ਦੀ ਸਹੁੰ ਚੁੱਕਣਗੇ। ਇਸ ਦੇ ਨਾਲ ਹੀ ਉਹ ਸੰਸਦ ਮੈਂਬਰ ਬਣ ਜਾਣਗੇ। ਇਸ ਸਬੰਧੀ ਪੰਜਾਬ ਸਰਕਾਰ ਐਕਸ਼ਨ ਮੋਡ ਵਿੱਚ ਨਜ਼ਰ ਆ ਰਹੀ ਹੈ। ਸਰਕਾਰ ਤਰਫੋਂ ਲੋਕ ਸਭਾ ਸਪੀਕਰ ਨੂੰ ਪੱਤਰ ਲਿਖਿਆ ਗਿਆ ਹੈ। ਦੂਜੇ ਪਾਸੇ ਪਤਾ ਲੱਗਾ ਹੈ ਕਿ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਸਹੁੰ ਚੁੱਕ ਪ੍ਰਕਿਰਿਆ ਲਈ ਲੋਕ ਸਭਾ ਸਪੀਕਰ ਤੋਂ ਮਿਲਣ ਦਾ ਸਮਾਂ ਮੰਗਿਆ ਸੀ। ਸਰਕਾਰ ਵੱਲੋਂ ਵੀ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਇੱਕ ਅਰਜ਼ੀ ਭੇਜੀ ਗਈ ਸੀ। ਹਾਲ ਹੀ ਵਿੱਚ ਜੇਲ੍ਹ ਵਿੱਚ ਬੰਦ ਅੰਮ੍ਰਿਤਪਾਲ ਸਿੰਘ ਦੇ ਪਰਿਵਾਰ ਵੱਲੋਂ ਡੀਸੀ ਅੰਮ੍ਰਿਤਸਰ ਨੂੰ ਪੈਰੋਲ ਲਈ ਅਰਜ਼ੀ ਭੇਜੀ ਗਈ ਸੀ। ਇਸ 'ਤੇ ਕਾਰਵਾਈ ਕਰਦਿਆਂ ਪੰਜਾਬ ਸਰਕਾਰ ਵੱਲੋਂ ਲੋਕ ਸਭਾ ਸਪੀਕਰ ਨੂੰ ਅਰਜ਼ੀ ਭੇਜ ਦਿੱਤੀ ਗਈ ਹੈ। ਅੰਮ੍ਰਿਤਪਾਲ ਸਿੰਘ ਦੇ ਵਕੀਲ ਤੇ ਸਾਬਕਾ ਸੰਸਦ ਮੈਂਬਰ ਰਾਜਦੇਵ ਸਿੰਘ ਖਾਲਸਾ ਨੇ ਦੱਸਿਆ ਕਿ ਅੰਮ੍ਰਿਤਪਾਲ ਸਿੰਘ ਖਿਲਾਫ ਅੰਮ੍ਰਿਤਸਰ 'ਚ ਨੈਸ਼ਨਲ ਸਕਿਓਰਿਟੀ ਐਕਟ (ਐਨਐਸਏ) ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਇਸ ਲਈ ਪੈਰੋਲ ਲਈ ਅਰਜ਼ੀ ਅੰਮ੍ਰਿਤਸਰ ਦੇ ਡੀਸੀ ਨੂੰ ਦਿੱਤੀ ਗਈ ਸੀ। ਇਸ ਤੋਂ ਬਾਅਦ ਇਹ



ਅਰਜ਼ੀ ਪੰਜਾਬ ਦੇ ਗ੍ਰਹਿ ਵਿਭਾਗ ਨੂੰ ਭੇਜੀ ਗਈ। ਇਸ 'ਤੇ ਕਾਰਵਾਈ ਕਰਦਿਆਂ ਇਹ ਅਰਜ਼ੀ ਲੋਕ ਸਭਾ ਸਪੀਕਰ ਨੂੰ ਭੇਜ ਦਿੱਤੀ ਹੈ। ਦੱਸਿਆ ਜਾ ਰਿਹਾ ਹੈ ਕਿ ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਨੇ ਵੀ ਅੰਮ੍ਰਿਤਪਾਲ ਸਿੰਘ ਨੂੰ ਸੰਸਦ ਮੈਂਬਰ ਵਜੋਂ ਸਹੁੰ ਚੁੱਕਣ ਦੀ ਮਨਜ਼ੂਰੀ ਦੇ ਦਿੱਤੀ ਹੈ। ਇਹ ਚਰਚਾ ਹੈ ਕਿ ਕਾਨੂੰਨੀ ਮਨਜ਼ੂਰੀ ਦੇ ਦਿੱਤੀ ਗਈ ਹੈ, ਹਾਲਾਂਕਿ ਇਸ ਸਬੰਧੀ ਅਜੇ ਤੱਕ ਕੋਈ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ। ਇਸੇ ਤਰ੍ਹਾਂ ਦੇ ਇੱਕ ਹੋਰ ਮਾਮਲੇ 'ਚ ਐਨ.ਆਈ.ਏ. ਨੇ ਜੰਮੂ-ਕਸ਼ਮੀਰ ਦੇ ਸੰਸਦ ਮੈਂਬਰ ਰਸ਼ੀਦ ਇੰਜਨੀਅਰ ਨੂੰ ਸਹੁੰ ਚੁੱਕਣ ਦੀ ਮਨਜ਼ੂਰੀ ਦੇ ਦਿੱਤੀ ਹੈ ਤੇ ਐਨ.ਆਈ.ਏ. ਨੇ ਖੁਦ ਇਸ ਗੱਲ ਦੀ ਪੁਸ਼ਟੀ ਕੀਤੀ ਹੈ। ਦੱਸ ਦਈਏ ਕਿ ਨਿਯਮਾਂ ਮੁਤਾਬਕ ਚੁਣੇ ਗਏ ਸੰਸਦ ਮੈਂਬਰ ਨੂੰ 60 ਦਿਨਾਂ ਦੇ ਅੰਦਰ ਸਹੁੰ ਚੁੱਕਣੀ ਪੈਂਦੀ ਹੈ। ਅੰਮ੍ਰਿਤਪਾਲ ਸਿੰਘ ਉਪਰ ਐਨਐਸਏ ਇੱਕ ਸਾਲ ਲਈ ਵਧਾ ਦਿੱਤੀ ਹੈ। ਅੰਮ੍ਰਿਤਪਾਲ ਸਿੰਘ ਦੇ ਵਕੀਲ ਨੇ ਕਿਹਾ ਕਿ ਸਰਕਾਰ ਨੇ ਉਨ੍ਹਾਂ 'ਤੇ ਐਨਐਸਏ ਦੀ ਮਿਆਦ ਇੱਕ ਸਾਲ ਵਧਾ ਦਿੱਤੀ ਹੈ ਜੋ 23 ਅਪ੍ਰੈਲ 2025 ਤੱਕ ਰਹੇਗੀ। ਭਾਈ ਅੰਮ੍ਰਿਤਪਾਲ ਸਿੰਘ ਨੂੰ ਲੈਣ ਡਿਬਰੂਗੜ੍ਹ ਜੇਲ੍ਹ ਲਈ ਪੰਜਾਬ ਪੁਲਸ ਰਵਾਨਾ ਹੋ ਗਈ ਹੈ।

## ਪੰਜਾਬ ਤੋਂ ਅਮਰਨਾਥ ਜਾ ਰਹੇ ਯਾਤਰੀਆਂ ਦੀ ਬੱਸ ਦੀ ਹੋਈ ਬ੍ਰੇਕ ਫੇਲ, ਲੋਕਾਂ ਨੇ ਛਾਲਾਂ ਮਾਰ ਬਚਾਈ ਜਾਨ, 8 ਜ਼ਖ਼ਮੀ

**ਰਾਮਬਨ (ਜੰਮੂ-ਕਸ਼ਮੀਰ), 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹੁਸ਼ਿਆਰਪੁਰ ਅਤੇ ਲੁਧਿਆਣਾ ਤੋਂ ਸ਼੍ਰੀ ਅਮਰ ਨਾਥ ਯਾਤਰਾ ਲਈ ਜਾ ਰਹੀ ਬੱਸ ਦੇ ਬ੍ਰੇਕ ਫੇਲ ਹੋ ਗਏ। ਉੱਥੇ ਹੀ ਪੁਲਿਸ ਅਤੇ ਸੁਰੱਖਿਆ ਬਲਾਂ ਦੀ ਮੁਸਤੈਦੀ ਕਰਕੇ ਵੱਡਾ ਹਾਦਸਾ ਹੋਣ ਤੋਂ ਟਲ ਗਿਆ ਅਤੇ ਕਈ ਲੋਕਾਂ ਦੀ ਜਾਨ ਬਚ ਗਈ। ਇਸ ਘਟਨਾ 'ਚ ਕਰੀਬ ਅੱਠ ਲੋਕ ਜ਼ਖਮੀ ਹੋਏ ਹਨ। ਜਿਸ ਵਿੱਚ ਤਿੰਨ ਔਰਤਾਂ ਵੀ ਸ਼ਾਮਲ ਹਨ। ਉੱਥੇ ਹੀ ਘਟਨਾ ਵੇਲੇ ਬੱਸ ਵਿੱਚ 45 ਦੇ ਕਰੀਬ ਲੋਕ ਸਵਾਰ ਸਨ, ਗਨੀਮਤ ਰਹੀ ਕਿ ਉਨ੍ਹਾਂ ਨੂੰ ਸੱਟਾਂ ਨਹੀਂ ਲੱਗੀਆਂ। ਇਹ ਹਾਦਸਾ



ਬ੍ਰੇਕ ਫੇਲ ਹੋਣ ਕਰਕੇ ਵਾਪਰਿਆ, ਡਰਾਈਵਰ ਅਤੇ ਸੁਰੱਖਿਆ ਬਲਾਂ ਦੀ ਸੂਝ-ਬੂਝ ਕਰਕੇ ਵੱਡਾ ਹਾਦਸਾ ਹੋਣ ਤੋਂ ਟਲ ਗਿਆ। ਬੱਸ ਵਿੱਚ ਬੈਠੀਆਂ ਸਵਾਰੀਆਂ ਨੇ ਕਿਸੇ ਤਰ੍ਹਾਂ ਬੱਸ ਵਿੱਚੋਂ ਛਾਲ ਮਾਰ ਕੇ ਆਪਣੀ ਜਾਨ ਬਚਾਈ।

ਜ਼ਖ਼ਮੀ ਹੋਏ ਲੋਕਾਂ ਵਿੱਚ ਰੋਹਨ ਕੁਮਾਰ ਪੁੱਤਰ ਸੋਹਨ ਲਾਲ ਵਾਸੀ ਹੁਸ਼ਿਆਰਪੁਰ, ਸੁੰਦਰਪਾਲ ਪੁੱਤਰ ਤੇਜ ਚੰਦ, ਰਜਨੀ ਦੇਵੀ ਪਤਨੀ ਰਾਜ ਕੁਮਾਰ, ਵਿਕਰਮ ਪੁੱਤਰ ਰਾਜ ਕੁਮਾਰ, ਰਾਜ ਕੁਮਾਰ ਸ਼ਰਮਾ ਪੁੱਤਰ ਅਮਰਨਾਥ ਵਾਸੀ ਹਮੀਰਪੁਰ, ਹਿਮਾਚਲ, ਸ਼ਿਵ ਕੁਮਾਰ ਪੁੱਤਰ ਕਮਲਦੀਪ ਵਾਸੀ ਸਹਾਰਨਪੁਰ, ਲੁਧਿਆਣਾ ਦੇ ਰਹਿਣ ਵਾਲੇ ਸਾਗਰ ਸ਼ਰਮਾ ਅਤੇ ਹੁਸ਼ਿਆਰਪੁਰ ਦੇ ਰਹਿਣ ਵਾਲੇ ਸਿਮਰਨ ਨਾਗਰਵਾਲ ਹਨ। ਨਾਚਲਾਨਾ ਪਿੰਡ ਦੇ BCRR ਹਸਪਤਾਲ ਵਿੱਚ ਸ਼ਾਮਲ ਹਨ।

ਮਿਲੀ ਜਾਣਕਾਰੀ ਅਨੁਸਾਰ ਇਹ ਹਾਦਸਾ ਮੰਗਲਵਾਰ ਨੂੰ ਰਾਮਬਨ ਜ਼ਿਲ੍ਹੇ ਦੇ ਨਚੀਲਾਨਾ ਨੇੜੇ ਸ੍ਰੀਨਗਰ ਜੰਮੂ ਰਾਸ਼ਟਰੀ ਰਾਜਮਾਰਗ 'ਤੇ ਵਾਪਰਿਆ। ਜਿਸ ਵਿੱਚ ਇੱਕ ਬੱਸ ਦੇ ਹਾਦਸੇ ਦਾ ਸ਼ਿਕਾਰ ਹੋ ਜਾਣ ਕਾਰਨ ਕਈ ਅਮਰਨਾਥ ਯਾਤਰੀਆਂ ਨੂੰ ਮਾਮੂਲੀ ਸੱਟਾਂ ਲੱਗੀਆਂ। ਅਧਿਕਾਰੀਆਂ ਨੇ ਦੱਸਿਆ ਕਿ ਪੰਜਾਬ ਤੋਂ ਆ ਰਹੀ ਬੱਸ ਜਿਸ ਦੀ ਰਜਿਸਟ੍ਰੇਸ਼ਨ (ਪੀ.ਬੀ.-02-ਬੀ.ਐਨ.ਐਲ.ਐਮ.-9389) ਸੀ। ਸ਼੍ਰੀਨਗਰ-ਜੰਮੂ ਰਾਸ਼ਟਰੀ ਰਾਜਮਾਰਗ 'ਤੇ ਰਾਮਬਨ ਜ਼ਿਲ੍ਹੇ ਦੇ ਨਚੀਲਾਨਾ ਨੇੜੇ ਬ੍ਰੇਕ ਫੇਲ ਹੋਣ ਕਾਰਨ ਇਹ ਹਾਦਸਾ ਵਾਪਰ ਗਿਆ।




# pakistan gurdwara yatra

**6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ
ਸਾਹਿਬ ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK


- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

---

ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

---

## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


---

## ਪੰਜਾਬੀ

## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ

ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ

ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

**Learn Speak Read Write PUNJABI**


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ
ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ
ਖਾਲਸਾ
ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07751-28621







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।










**www.khalsaforge.com**



ਸ੍ਰੀ ਅਕਾਲ ਤਖਤ ਸਾਹਿਬ (ਸ੍ਰੀ ਹਰਿਮੰਦਰ ਸਾਹਿਬ) ਉੱਤੇ ਹਿੰਦੁਸਤਾਨੀ ਹਕੂਮਤ ਵਲੋਂ ੪੦ ਸਾਲ ਪਹਿਲਾਂ ਹੋਏ ਹਮਲੇ ਅਤੇ ਜੂਨ ੧੯੮੪ ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ
ਸ਼ਹੀਦੀ ਸਮਾਗਮ
ਗੁਰੂ ਨਾਨਕ ਗੁਰਦੁਆਰਾ ਵੁਲਵਰਹੈਂਪਟਨ (ਸੈਜਲੀ ਸਟਰੀਟ), WV2 3AJ ਵਿਖੇ
ਸਨਿਚਰਵਾਰ ੬ ਜੁਲਾਈ ਅਤੇ ਐਤਵਾਰ ੭ ਜੁਲਾਈ ੨੦੨੪ ਨੂੰ ਸ਼ਹੀਦੀ ਸਮਾਗਮ ਰੱਖੇ ਗਏ ਨੇ।
ਸਨਿਚਰਵਾਰ ੫ ਵਜੇ ਤੋਂ ੮:੩੦ ਵਜੇ ਤਕ (ਹਾਲ ੪)
ਐਤਵਾਰ ੧੧:੩੦ ਵਜੇ ਤੋਂ ੪ ਵਜੇ ਤਕ (ਮੇਨ ਹਾਲ)
ਵਲੋਂ: ਦਮਦਮੀ ਟਕਸਾਲ ਜਥਾ ਯੂਕੇ ਅਤੇ ਯੂਰਪ ਅਤੇ ਸਮੂਹ ਸਾਧ ਸੰਗਤ
ORGANISED BY: DAMDAMI TAKSAL UK & EUROPE AND SADH SANGAT
SHAHEEDI SMAGAM
IN REMEMBRANCE OF THE SHAHEEDS OF 1984
GURU NANAK GURDWARA | 191 DUNCAN ST, WOLVERHAMPTON WV2 3AJ
GIANI SATNAM SINGH JI DAMDAMI TAKSAL
GIANI NAVDEEP SINGH JI AJNALA
GIANI SUKHRAJ SINGH JI DAMDAMI TAKSAL
BHAI AMANDEEP SINGH JI SRI DARBAR SAHIB
BHAI MAHADEEP SINGH JI SRI DARBAR SAHIB
DHADI JATHA GIANI TARLOCHAN SINGH BHAMADI
BHAI BALDEV SINGH JI DAMDAMI TAKSAL
BHAI GURJEET SINGH JI DAMDAMI TAKSAL
BHAI SUKHJINDER SINGH
BHAI HARI SINGH JI
GIANI GURJINDER SINGH JI DAMDAMI TAKSAL
GIANI BALBIR SINGH DAMDAMI TAKSAL
DHADI RASAAL SINGH CHOLA SAHIB
SATURDAY 6TH (HALL 4)
5PM-8:30PM
SUNDAY 7TH (MAIN HALL)
11:30AM-4PM
AT GNG SEDGLEY STREET
BHAI HARJINDER SINGH JI 07956 007 161 | GIANI GURJINDER SINGH JI 07400 830 403
BHAI GURJIT SINGH JI 07508 943 570 | BHAI BHERVINDER SINGH JI 07985 246 484
DAMDAMI TAKSAL JATHA (UK & EUROPE)
SIKH INSPIRE
40
1984
ਸਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਕਾਰਜਕਾਰੀ ਮੁਖੀ ਦਮਦਮੀ ਟਕਸਾਲ ਦੇ ਅਸ਼ੀਰਵਾਰ ਸਦਕਾ
ਆਵਾਜ਼ਿ ਕੌਮ AWAZE QAUM International Newspaper & WEB TV

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥1 ॥
As His Decree is issued, so is His command obeyed
Those who are sent, come, O Nanak; when they are called back, they depart and go. ||1||

IN LOVING MEMORY OF



13.02.1955 — 18.06.2024

ਆਵਾਜ਼ਿ ਕੌਮ AWAZE QAUM International Newspaper & WEB TV

# Gurbax Kaur

**ANTAM SANSKAAR**

Guru Nanak Gurdwara Smethwick,
130 High St, Smethwick B66 3AP
10:00AM

Sandwell Valley Crematorium, Newton Road, West Bromwich,
West Midlands, B71 3SX
12:00PM

Guru Nanak Gurdwara Smethwick,
130 High St, Smethwick B66 3AP,
United Kingdom main hall (first floor)
1:30PM

SATURDAY **6th** AT 10AM
JULY

Mobile- 07855 106265

**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ।**

ਬੀਬੀ ਗੁਰਬਖ਼ਸ਼ ਕੌਰ ਧਰਮ ਸੁਪਤਨੀ ਸਰਦਾਰ ਮਲਕੀਤ ਸਿੰਘ ਤੇਹਿੰਗ ਵਾਹਿਗੁਰੂ ਜੀ ਦੇ ਹੁਕਮ ਅਨੁੰਸਾਰ ਗੁਰੂ ਸਾਹਿਬ ਵੱਲੋਂ ਬਖ਼ਸ਼ੇ ਸੁਆਸਾਂ ਨੂੰ ਸੰਪੂਰਨ ਕਰਦੇ ਹੋਏ ਅਕਾਲ ਪੁਰਖ ਦੇ ਚਰਨਾ ਵਿੱਚ ਜਾ ਬਿਰਾਜੇ ਹਨ।

**ਉਨ੍ਹਾਂ ਦੇ ਅੰਤਿਮ ਸੰਸਕਾਰ ਦਿਨ ਸ਼ਨਿਚਰਵਾਰ 6 ਜੁਲਾਈ 2024 ਵਾਲੇ ਦਿਨ ਹੋ ਰਹੇ ਹਨ।**

**ਅੰਤਿਮ ਦਰਸ਼ਨ - ਸਵੇਰੇ 10.00 ਵਜੇ ਗੁਰੂ ਨਾਨਕ ਗੁਰਦੁਆਰਾ ਸਮੈਦਿਕ ਵਿਖੇ ਕਰਵਾਏ ਜਾਣਗੇ।**

**ਅੰਤਿਮ ਸੰਸਕਾਰ - 12.00pm Sandwell Valley Crematorium (B71 3SX) ਵਿਖੇ**

ਉਨ੍ਹਾਂ ਦੇ ਨਮਿਤ ਸ੍ਰੀ ਸਹਿਜ ਪਾਠ ਦੇ ਭੋਗ 1.30pm ਗੁਰੂ ਨਾਨਕ ਗੁਰਦੁਆਰਾ ਸਮੈਦਿਕ (BFF CAP) ਉੱਪਰਲੇ ਮੇਨ ਦਰਬਾਰ ਸਾਹਿਬ ਵਿੱਚ ਪਾਏ ਜਾਣਗੇ। ਵਾਹਿਗੁਰੂ ਜੀ ਦੇ ਚਰਨਾਂ ਵਿੱਚ ਅਰਦਾਸ ਹੈ ਕਿ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪ੍ਰਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ। ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥

# "ਪਾਠ ਦਾ ਭੋਗ ਅਤੇ ਅੰਤਿਮ ਅਰਦਾਸ"



ਆਵਾਜ਼ਿ ਕੌਮ AWAZE QAUM International Newspaper & WEB TV

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਖਾੜਕੂ ਸੰਘਰਸ਼ ਦੇ ਮਹਾਨ ਯੋਧੇ ਭਾਈ ਵਸਣ ਸਿੰਘ ਜ਼ਫ਼ਰਵਾਲ ਦੇ ਸਤਿਕਾਰਯੋਗ

# ਮਾਤਾ ਕੁਲਵੰਤ ਕੌਰ ਜੀ

ਜੋ ਮਿਤੀ 27 ਜੂਨ ਦਿਨ ਵੀਰਵਾਰ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ।

**ਮਾਤਾ ਜੀ ਦੀ ਯਾਦ ਵਿਚ ਅਤੇ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ**

## ਮਿਤੀ 6 ਜੁਲਾਈ 2024, ਦਿਨ ਸ਼ਨੀਵਾਰ ਨੂੰ ਦੁਪਿਹਾ 12:00 ਤੋ 02:00 ਵੱਜੇ ਤੱਕ ਭਾਈ ਜ਼ਫ਼ਰਵਾਲ ਦੇ ਗ੍ਰਿਹਿ ਵਿਖੇ ਪੈਣਗੇ

ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

ਵਾਹਿਗੁਰੂ ਦੇ ਭਾਣੇ 'ਚ

**ਭਾਈ ਵਸਣ ਸਿੰਘ ਜ਼ਫ਼ਰਵਾਲ ਅਤੇ ਸੰਮੂਹ ਪਰਿਵਾਰ**

**+91-78370-90700**




**ਅੰਮ੍ਰਿਤਸਰ** : ਮਾਨਯੋਗ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਹੈੱਡ ਗ੍ਰੰਥੀ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਕੁੜਮ ਜੱਥੇਦਾਰ ਜਸਬੀਰ ਸਿੰਘ ਮੱਤੇਵਾਲ ਕਵੀਸ਼ਰ ਟਾਟਾਨਗਰ ਵਾਲੇ ਮੈਂਬਰ ਧਰਮ ਪ੍ਰਚਾਰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਤੇ ਉਹਨਾਂ ਹਰਮਨ ਪਿਆਰੇ ਦਾਮਾਦ ਗੁਰੂ ਪਿਆਰ ਵਿੱਚ ਭਿੱਜੀ ਰੂਹ ਭਾਈ ਹਰਚਰਨਪਰੀਤ ਸਿੰਘ ਜੀ ਕੀਰਤਨੀਏ ਸਪੁੱਤਰ ਸਿੰਘ ਸਾਹਿਬ ਗਿਆਨੀ

ਆਵਾਜ਼ਿ ਕੌਮ
AWAZE QAUM
International Newspaper & WEB TV

ਮਲਕੀਤ ਸਿੰਘ ਜੀ . ਤੇ ਤੀਜੇ ਸਾਥੀ ਕਵੀਸ਼ਰ ਗੁਰਪ੍ਰੀਤ ਸਿੰਘ ਚਾਟੀਵਿੰਡ ਲੇਹਲ ਸਮੇਤ ਤਿੰਨੇ ਸਾਥੀ .ਸ਼ਹੀਦੀ ਦਿਹਾੜਾ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਸ਼ਹੀਦੀ ਪੁਰਬ ਤੇ ਗੁਰਦੁਆਰਾ ਦਮਦਮ ਸਾਹਿਬ ਗੌਰੀਪੁਰ ਕਲਕੱਤਾ ਤੇ ਹੋਰ ਸ਼ਹਿਰਾਂ ਵਿੱਚ ਵੱਖ ਵੱਖ ਗੁਰਮਤਿ ਸਮਾਗਮਾਂ ਵਿੱਚ ਹਾਜ਼ਰੀਆਂ ਭਰਨ ਲਈ ਮਿਤੀ ਤਕਰੀਬਨ ਇੱਕ ਮਹੀਨਾਂ ਪਹਿਲਾਂ 5 ਜੂਨ ਵਾਲੇ ਦਿਨ ਅੰਮ੍ਰਿਤਸਰ ਪੰਜਾਬ ਤੋਂ ਆਪਣੀ ਬਰੀਜਾ ਕਾਰ ਤੇ ਚਾਲੇ ਪਾਏ ਸਨ ਜੋ 6 ਜੂਨ ਰਾਤ ਇਟਾਵਾ ਸ਼ਹਿਰ ਯੂਪੀ ਵਿਖੇ ਰੁਕੇ ਜਿੱਥੇ ਸਿੱਖ ਕੌਮ ਦੇ ਉੱਘੇ ਵਿਦਵਾਂਨ ਇੰਟਰਨੈ .ਨਲ ਕਥਾਕਾਰ ਗਿਆਂਨੀ ਸੰਤ ਸਿੰਘ ਜੀ ਮਸਕੀਨ ਅਕਾਲ ਜਲਾਣਾਂ ਕਰ ਗਏ ਸਨ ਉਸੇ ਸ਼ਹਿਰ ਉਸੇ ਪਰਿਵਾਰ ਦੇ ਘਰ ਰਾਤ ਦਾ ਲੰਗਰ ਛੱਕ ਕੇ ਵਿਸ਼ਰਾਮ ਕੀਤਾ ਤੇ ਸਵੇਰੇ 10 ਵਜੇ ਦੇ ਕਰੀਬ ਇਟਾਵਾ ਤੋਂ ਚੱਲੇ ਤੇ ਤਕਰੀਬਨ ਦਿਨ ਦੇ 1:45 :50 ਤੇ ਦੁਪਿਹਰ ਸਮੇਂ ਕਾਰ ਦਾ ਟਾਇਰ ਪਾਟਣ ਕਾਰਨ ਗੱਡੀ ਬੇਕਾਬੂ ਹੋ ਰੋਡ ਤੂੰ ਨੀਵੀਂ ਜਗਾ ਤੱਕ ਪਲਟੀਆਂ ਖਾਂਦੀ ਜਾ ਡਿੱਗੀ ਜਿਸ ਦੌਰਾਂਨ ਤਿੰਨ ਸਿੰਘ ਰੱਬ ਨੂੰ ਪਿਆਰੇ ਹੋ ਗਏ ਤੇ ਕਾਂਨਪੁਰ ਇਟਾਵਾ ਆਗਰਾ ਦੀ ਸੰਗਤ ਨੇ ਸ਼ਾਮ ਤੱਕ ਐਕਸੀਡੈਂਟ ਵਾਲੀ ਜਗਾ ਪੁੱਜਕੇ ਪੋਸਟ ਮਾਰਟਮ ਰਾਤ 10 ਤੋਂ 2 ਤੱਕ ਕਰਵਾਕੇ 3 ਵਜੇ 8 ਜੂਨ ਨੂੰ ਸਾਰੀ ਹਾਜ਼ਰ ਸੰਗਤ ਨੇ ਨਮ ਅੱਖਾਂ ਨਾਲ ਮਿਰਤਕ ਦੇਹਾਂ ਵਾਲੀ ਐਂਬੂਲੈਂਸ ਨੂੰ ਪੰਜਾਬ ਵੱਲ ਰਵਾਂਨਾ ਕੀਤਾ ਜਿੰਨਾਂ ਪੰਜਾਬ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਵਿੱਖੇ ਅੰਮ੍ਰਿਤ ਸ਼ੰਚਾਰ ਦੀ ਸੇਵਾ ਨਿਭਾਉਣ ਵਾਲੇ ਪੰਜ ਪਿਆਰੇ ਸਿੰਘ ਜੋ 8 ਜੂਨ ਨੂੰ ਸਵੇਰੇ 6 ਵਜੇ ਆਗਰੇ ਪੁੱਜ ਗਏ ਸਨ ਜਿੰਨਾਂ ਨੇ ਸੰਗਤ ਨੂੰ ਵਾਪਿਸ ਜਾਂਣ ਲਈ ਕਿਹਾ ਤੇ ਆਗਰੇ ਤੋਂ ਪੰਜਾਬ ਤੱਕ ਤੇ ਅੰਤਿਮ ਸੰਸਕਾਰ ਤੱਕ ਸਹਿਯੋਗ ਕਰ ਜਿੰਮੇਵਾਰੀ ਨਿਭਾਈ ਉਹਥੇ ਅੰਤਿਮ ਸੰਸਕਾਰ ਸਮੇਂ ਵੱਖ ਵੱਖ ਨਿਹੰਗ ਸਿੰਘ ਜੱਥੇਬੱਦੀਆਂ ਦੇ ਮੁੱਖੀ ਦਮਦਮੀ ਟਕਸਾਲ ਅਖੰਡ ਕੀਰਤਨੀ ਜੱਥੇ ਕਾਰ ਸੇਵਾ ਵਾਲੇ ਤੇ ਬਹੁਤਾਤ ਸੰਤਾਂ ਮਹਾਂਪੁਰਖਾਂ ਸਿੰਘ ਸਾਹਿਬਾਂਨਾਂ ਸ੍ਰੋਮਣੀ ਗੁ: ਪ੍ਰ: ਕਮੇਟੀ ਦੇ ਮੈਂਬਰ ਸਹਿਬਾਂਨ ਤੇ ਮੈਨੇਜਰ ਸਕੱਤਰ ਸੁਪਰਵਾਈਜ਼ਰ ਸੇਵਾਦਾਰਾਂ ਗ੍ਰੰਥੀ ਤਖਤਾਂ ਦੇ ਪੰਜ ਪਿਆਰੇ ਸਹਿਬਾਂਨ ਅਰਦਾਸੀਏ



ਚੌਰਬਰਦਾਰ ਰਾਗੀ ਢਾਡੀ ਕਵੀਸ਼ਰ ਤੇ ਗੁਣੀ ਗਿਆਨੀ ਜਨਾਂ ਨੇ ਨਿਸ਼ਕਾਮ ਸੇਵਾ ਹਰਿਮੰਦਰ ਸਾਹਿਬ ਤੇ ਹੋਰ ਗੁਰੂ ਘਰਾਂ ਤੋਂ ਪ੍ਰੇਮੀ ਜਨਾਂ ਨੇ ਹਾਜ਼ਰੀ ਭਰੀ ਤੇ ਬੇਸ਼ੁਮਾਰ ਸੰਗਤਾਂ ਦਾ ਇਕੱਠ ਬਹੁਤ ਸੀ ਜਿਸ ਦੌਰਾਂਨ ਅੰਤਿਮ ਸੰਸਕਾਰ ਸਮੇਂ ਅਰਦਾਸ ਗਿਆਨੀ ਪ੍ਰੇਮ ਸਿੰਘ ਮੁੱਖ ਅਰਦਾਸੀਏ ਸਚਖੰਡਿ ਸ੍ਰੀ ਹਰਿਮੰਦਰ ਸਾਹਿਬ ਜੀ ਨੇ ਕੀਤੀ ਤੇ ਮਾਨਯੋਗ ਸਿੰਘ ਸਾਹਿਬ ਜੀ ਦੀ ਧੀਅ (ਨੂੰਹ) ਤੇ ਸਵਰਗਵਾਸੀ ਜੱਥੇਦਾਰ ਜਸਬੀਰ ਸਿੰਘ ਜੀ ਦੀ ਧੀਅ ਰਾਂਣੀ ਤੇ ਸਵਰਗਵਾਸੀ ਭਾਈ ਹਰਚਰਨਪਰੀਤ ਸਿੰਘ ਕੀਰਤਨੀਏ ਦੀ ਧਰਮ ਸੁਪੱਤਨੀ ਬੀਬੀ ਗਗਨਪਰੀਤ ਕੌਰ ਨੇ ਬੋਲੇ ਸੋ ਨਿਹਾਲ ਦਾ ਜੈਕਾਰਾ ਲਾਇਆ ਤੇ ਫਿਰ ਬਾਪੂ ਜੋਗਿੰਦਰ ਸਿੰਘ ਜੀ ਪਿਤਾ ਜੱਥੇਦਾਰ ਜਸਬੀਰ ਸਿੰਘ ਮੱਤੇਵਾਲ ਤੇ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਜੀ ਤੇ ਹੋਰ ਪਰਿਵਾਰ ਨੇ ਜੈਕਾਰੇ ਲਾਏ ਤੇ ਚਿਖਾ ਨੂੰ ਚੰਡਾ ਸਿੰਘ ਸਿੰਘ ਸਾਹਿਬ ਜੀ ਤੇ ਪੋਤਰੇ ਹਰੀ ਸਿੰਘ (ਸਪੁੱਤਰ ਸਵਰਗਵਾਸੀ ਭਾਈ ਹਰਚਰਨਪਰੀਤ ਸਿੰਘ ) ਉਮਰ ਡੇਢ ਸਾਲ ਨੂੰ ਨਾਲ ਲੈਕੇ ਲਾਇਆ ਤੇ ਇਸੇ ਤਰਾਂ ਜੱਥੇਦਾਰ ਜਸਬੀਰ ਸਿੰਘ ਦੀ ਚਿਖਾ ਨੂੰ ਬਾਪੂ ਜੋਗਿੰਦਰ ਸਿੰਘ ਤੇ ਪੋਤਰੇ ਅਮਰਬੀਰ ਸਿੰਘ ਨੇ ਲਾਇਆ ਸੰਸਕਾਰ ਤੋਂ ਪਹਿਲਾਂ ਸ਼ਬਦ ਕੀਰਤਨ ਹੋਇਆ ਤੇ ਸੰਗਤ ਰੂਪ ਵਿੱਚ ਜਪੁਜੀ ਸਾਹਿਬ ਜੀ ਦੇ ਪਾਠ ਕੀਤੇ ਸੋ ਤਕਰੀਬਨ ਇੱਕ ਮਹੀਨਾਂ ਬੀਤ ਜਾਂਣ ਤੇ ਸੰਗਤ ਸਿੰਘ ਸਾਹਿਬ ਜੀ ਦੇ ਗ੍ਰਹਿ ਦੁੱਖ ਸਾਂਝਾ ਕਰਨ ਤੇ ਉਹਨਾਂ ਦੇ ਦਿਰੜ ਵਿਸ਼ਵਾਸ਼ ਸਬਰ ਸੰਤੋਖ ਤੇ ਮਾਲਕ ਦੀ ਰਜ਼ਾ ਭਾਣਾਂ ਮੰਨਣ ਵਾਲੇ ਸੁਭਾਅ ਕਰਕੇ ਸੰਗਤਾਂ ਦੇਸ਼ ਵਿਦੇਸ਼ ਤੋਂ ਉਹਨਾਂ ਦੇ ਗ੍ਰਹਿ ਵਿਖੇ ਪੁੱਜ ਰਹੀਆਂ ਹਨ ਜਿੰਨਾਂ ਵਿੱਚ ਵਿਸ਼ੇਸ਼ ਤੌਰ ਤੇ ਭਾਈ ਬਸੰਤ ਸਿੰਘ ਜੀ ਪੰਜਹੱਥਾ ਫ਼ਰਾਂਸ ਤੋਂ ਭਾਈ ਲ਼ਸ਼ਕਰ ਸਿੰਘ ਰਹੀਮਪੁਰ ਦੁਆਬਾ ਰਾਗੀ ਸਿੰਘ ਬੇਰ ਸਾਹਿਬ ਸੁਲਤਾਨਪੁਰ ਗਿਆਨੀ ਗੁਰਪਾਲ ਸਿੰਘ ਕਥਾਵਾਚਕ ਗਿਆਨੀ ਗੁਰਮੁੱਖ ਸਿੰਘ ਐਮ ਏ ਕਵੀਸ਼ਰ ਜੱਥੇ ਸਮੇਤ ਇੰਚਾਰਜ ਕਰਤਾਰ ਸਿੰਘ ਧਰਮ ਪ੍ਰਚਾਰ ਕਮੇਟੀ ਤੇ ਸ੍ਰ ਲੱਖਾ ਸਿੰਘ ਜਗਦੇਵ ਅਜਨਾਲਾ ਹਰਨੇਕ ਸਿੰਘ ਵਰਪਾਲ ਤੇ ਹੋਰ ਪਰਮੁੱਖ ਸ਼ਖਸ਼ੀਅਤਾਂ ਨੇ ਹਾਜ਼ਰੀ ਭਰੀ ਉੱਹਥੇ ਗੁਰਦੁਆਰਾ ਨਨਕਾਣਾ ਸਾਹਿਬ ਪੰਜਾ ਸਾਹਿਬ ਹਸਨ ਅਬਦਾਲ ਡੇਹਰਾ ਸਾਹਿਬ ਲਾਹੌਰ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਰੇ ਗੁਰੂ ਘਰਾਂ ਪਾਕਿਸਤਾਨ ਦੇ ਹੈੱਡ ਗ੍ਰੰਥੀ ਸਾਹਿਬਾਨ ਜੀ ਨੇ ਗੁਰਬਾਣੀ ਦਾ ਪਾਠ ਕਰਕੇ ਵਿੱਛੜੀਆਂ ਰੂਹਾਂ ਦੇ ਕਲਿਆਣ ਹਿੱਤ ਤੇ ਪਰਿਵਾਰ ਨੂੰ ਭਾਣਾਂ ਮੰਨਣ ਤੇ ਚੜਦੀ ਕਲਾ ਵਿੱਚ ਰਹਿਣ ਦੀਆਂ ਅਰਦਾਸਾਂ ਕੀਤੀਆਂ ਤੇ ਰਾਗੀ ਸਿੰਘਾ ਤੇ ਪਾਕਿਸਤਾਨ ਗੁ: ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਨੇ ਫੋਨ ਰਾਂਹੀ ਦੁੱਖ ਸਾਂਝਾ ਕੀਤਾ ਉੱਹਥੇ ਨਿਊਜ਼ੀਲੈਂਡ ਦੇ ਗੁਰੂ ਘਰ ਟਾਕਾਨੀਨੀ ਵਿਖੇ ਸ੍ਰ ਦਲਜੀਤ ਸਿੰਘ ਜੀ ਨਿਊਜ਼ੀਲੈਂਡ ਵਾਲਿਆਂ ਤੇ ਗਿਆਨੀ ਕੁਲਵਿੰਦਰ ਸਿੰਘ ਜੀ ਸਾਬਕਾ ਅਰਦਾਸੀਏ ਹਰਿਮੰਦਰ ਸਾਹਿਬ ਜੀ ਦੇ ਯਤਨਾਂ ਸਦਕਾ ਸੰਗਤ ਦੇ ਸਹਿਯੋਗ ਨਾਲ ਅਖੰਡ ਪਾਠ ਦੇ ਭੋਗ ਪਾ ਅਰਦਾਸ ਬੇਨਤੀ ਕੀਤੀ ਹਾਂਗਕਾਂਗ ਤੇ ਹੋਰ ਵੱਖ ਵੱਖ ਦੇਸ਼ਾਂ ਦੇ ਗੁਰੂ ਘਰਾਂ ਵਿੱਚ ਅਰਦਾਸਾਂ ਹੋਈਆਂ ਮਾਨਯੋਗ ਸਿੰਘ ਸਾਹਿਬ ਜੀ ਦਾ ਦ੍ਰਿੜ ਵਿਸ਼ਵਾਸ਼ ਕਰਕੇ ਸੰਗਤ ਨੇ ਵਿਸ਼ਵ ਭਰ ਵਿੱਚ ਸ਼ੋਕ ਮਨਾਇਆਂ ਤੇ ਭੋਗ ਸਮੇਂ ਵੀ ਸ਼ੋਕ ਸ਼ੰਦੇਸ਼ ਭੇਜੇ ਤੇ ਸੰਗਤਾਂ ਅੱਜ ਤੱਕ ਵੀ ਦੁੱਖ ਸਾਂਝਾ ਕਰਨ ਆ ਰਹੀਆਂ ਹਨ।

**(ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)**

# ਕੀ ਚੰਦੂਮਾਜਰਾ ਅਕਾਲ ਤਖਤ ਉਪਰ ਹਮਲਾਵਰ ਰਿਹਾ ?



19 ਜਨਵਰੀ ਨੂੰ ਬਰਨਾਲਾ ਸਰਕਾਰ ਦੇ ਇਕ ਵਜ਼ੀਰ ਪ੍ਰੇਮ ਸਿੰਘ ਚੰਦੂਮਾਜਰਾ ਦੇ ਸਾਥੀਆਂ ਨੇ ਅਕਾਲ ਤਖ਼ਤ ਸਾਹਿਬ ਦੀ ਇਮਾਰਤ ਨੂੰ ਘੇਰਾ ਪਾ ਲਿਆ ਅਤੇ ਹਵਾਈ ਫ਼ਾਇਰਿੰਗ ਸ਼ੁਰੂ ਕਰ ਦਿਤੀ। ਉਨ੍ਹਾਂ ਨੇ ਤਕਰੀਬਨ 200 ਰੌਂਦ ਚਲਾਏ ਜਿਸ ਨਾਲ ਦੋ ਫ਼ੈਡਰੇਸ਼ਨ ਵਰਕਰ ਅਤੇ ਇਕ ਮੁਸਾਫ਼ਰ ਜ਼ਖ਼ਮੀ ਹੋ ਗਏ। ਚੰਦੂਮਾਜਰਾ ਦੇ ਹਮਾਇਤੀਆਂ ਨੇ ਅਖੰਡ ਪਾਠ ਵਿਚ ਵੀ ਰੁਕਾਵਟ ਪਾਉਣ ਦੀ ਕੋਸ਼ਿਸ਼ ਕੀਤੀ ਪਰ ਕੁੱਝ ਲੋਕਾਂ ਨੇ ਉਨ੍ਹਾਂ ਨੂੰ ਇਸ ਹਰਕਤ ਤੋਂ ਰੋਕ ਲਿਆ।

ਇਸ ਦੀਵਾਨ ਵਿਚ ਖਾੜਕੂਆਂ ਨੇ ਐਲਾਨ ਕੀਤਾ ਸੀ ਕਿ "ਨਾਪਾਕ ਹੱਥਾਂ ਨਾਲ ਤਿਆਰ ਹੋਏ ਅਕਾਲ ਤਖ਼ਤ ਸਾਹਿਬ ਦੀ ਇਮਾਰਤ ਦਾ ਨਵਾਂ ਹਿੱਸਾ ਢਾਹ ਕੇ ਮੁੜ ਉਸਾਰਿਆ ਜਾਵੇਗਾ।" ਮਗਰੋਂ ਇਹ ਫ਼ੈਸਲਾ ਹੋਇਆ ਕਿ ਸਾਰੀ ਹੀ ਇਮਾਰਤ ਢਾਹ ਕੇ ਦੁਬਾਰਾ ਬਣਾਈ ਜਾਵੇ। ਇਸ ਸ਼ਹੀਦੀ ਦੀਵਾਨ ਮਗਰੋਂ ਖਾੜਕੂਆਂ ਨੇ ਅਕਾਲ ਤਖ਼ਤ ਸਾਹਿਬ ਦੀ ਇਮਾਰਤ ਦਾ ਨਵਾਂ ਬਣਿਆ 55 ਫ਼ੁੱਟ ਦਾ ਜੰਗਲਾ ਢਾਹ ਦਿਤਾ ਸੀ। ਇਹ ਇਸ ਇਮਾਰਤ ਦੇ ਢਾਹੁਣ ਅਤੇ ਇਸ ਦੀ ਨਵੀਂ ਉਸਾਰੀ ਕਰਨ ਦੀ ਸ਼ੁਰੂਆਤ ਸੀ।

ਹੁਣ ਸਿੱਖ ਸਟੂਡੈਂਟਸ ਫ਼ੈਡਰੇਸ਼ਨ ਅਤੇ ਭਿੰਡਰਾ-ਮਹਿਤਾ ਜੱਥੇ ਦੇ ਕੁੱਝ ਸਰਗਰਮ ਸੇਵਾਦਾਰਾਂ ਨੇ ਐਲਾਨ ਕੀਤਾ ਕਿ ਅਕਾਲ ਤਖ਼ਤ ਸਾਹਿਬ ਦੀ ਇਮਾਰਤ ਨੂੰ ਢਾਹੁਣ ਤੇ ਇਸ ਦੀ ਥਾਂ ਨਵੀਂ ਇਮਾਰਤ ਖੜੀ ਕਰਨ ਵਾਸਤੇ 26 ਜਨਵਰੀ, 1986 ਨੂੰ 'ਕਾਰ-ਸੇਵਾ' ਸ਼ੁਰੂ ਕੀਤੀ ਜਾਵੇਗੀ। ਭਿੰਡਰਾਂ-ਮਹਿਤਾ ਜੱਥੇ ਨੇ 16 ਜਨਵਰੀ ਨੂੰ ਦਰਬਾਰ ਸਾਹਿਬ ਦੀ ਪ੍ਰਕਰਮਾ ਵਿਚ ਅਖੰਡ ਪਾਠ ਵੀ ਸ਼ੁਰੂ ਕਰ ਦਿਤਾ।

**ਬਰਨਾਲਾ ਧੜੇ ਵਲੋਂ ਫ਼ੈਡਰੇਸ਼ਨ ਨਾਲ ਟੱਕਰ**

19 ਜਨਵਰੀ ਨੂੰ ਬਰਨਾਲਾ ਸਰਕਾਰ ਦੇ ਇਕ ਵਜ਼ੀਰ ਪ੍ਰੇਮ ਸਿੰਘ ਚੰਦੂਮਾਜਰਾ ਦੇ ਸਾਥੀਆਂ ਨੇ ਅਕਾਲ ਤਖ਼ਤ ਸਾਹਿਬ ਦੀ ਇਮਾਰਤ ਨੂੰ ਘੇਰਾ ਪਾ ਲਿਆ ਅਤੇ ਹਵਾਈ ਫ਼ਾਇਰਿੰਗ ਸ਼ੁਰੂ ਕਰ ਦਿਤੀ। ਉਨ੍ਹਾਂ ਨੇ ਤਕਰੀਬਨ 200 ਰੌਂਦ ਚਲਾਏ ਜਿਸ ਨਾਲ ਦੋ ਫ਼ੈਡਰੇਸ਼ਨ ਵਰਕਰ ਅਤੇ ਇਕ ਮੁਸਾਫ਼ਰ ਜ਼ਖ਼ਮੀ ਹੋ ਗਏ। ਚੰਦੂਮਾਜਰਾ ਦੇ ਹਮਾਇਤੀਆਂ ਨੇ ਅਖੰਡ ਪਾਠ ਵਿਚ ਵੀ ਰੁਕਾਵਟ ਪਾਉਣ ਦੀ ਕੋਸ਼ਿਸ਼ ਕੀਤੀ ਪਰ ਕੁੱਝ ਲੋਕਾਂ ਨੇ ਉਨ੍ਹਾਂ ਨੂੰ ਇਸ ਹਰਕਤ ਤੋਂ ਰੋਕ ਲਿਆ। ਜਦੋਂ ਇਹ ਧੜਾ ਅਕਾਲ ਤਖ਼ਤ ਸਾਹਿਬ ਨੇੜੇ ਅਤੇ ਦਰਬਾਰ ਸਾਹਿਬ ਦੀ ਪ੍ਰਕਰਮਾ ਵਿਚ ਕਾਰਵਾਈ ਕਰ ਰਿਹਾ ਸੀ, ਉਸ ਵੇਲੇ ਸੁਰਜੀਤ ਸਿੰਘ ਬਰਨਾਲੇ ਦਾ ਪੁੱਤਰ ਗਗਨਦੀਪ (ਮਗਰੋਂ ਐਮ.ਐਲ.ਏ.) ਅੰਮ੍ਰਿਤਸਰ ਦੇ ਸਰਕਟ ਹਾਊਸ ਤੋਂ ਇਸ ਦੀ ਨਿਗਰਾਨੀ ਕਰ ਰਿਹਾ ਸੀ। ਭਿੰਡਰਾਂ-ਮਹਿਤਾ ਜੱਥੇ ਦੇ ਇਕ ਬੁਲਾਰੇ ਨੇ ਇਨ੍ਹਾਂ ਹਮਲਾਵਰਾਂ ਉਤੇ ਦੋਸ਼ ਲਾਇਆ ਕਿ ਉਹ ਜੱਥੇ ਦੇ ਦਫ਼ਤਰ 'ਚੋਂ ਸਾਢੇ ਚਾਰ ਲੱਖ ਰੁਪਏ ਲੁੱਟ ਕੇ ਲੈ ਗਏ ਸਨ।

**ਬਰਨਾਲਾ** ਸਰਕਾਰ ਵੇਲੇ ਅਕਾਲ ਤਖਤ ਸਾਹਿਬ ਉਪਰ ਦਮਦਮੀ ਟਕਸਾਲ ਕਾਰ ਸੇਵਾ ਕਰਨ ਲਈ ਉਥੇ ਮੌਜੂਦ ਸੀ ।26 ਜਨਵਰੀ 1986ਨੂੰ ਅਕਾਲ ਤਖਤ ਸਾਹਿਬ ਵਿਖੇ ਕਾਰ ਸੇਵਾ ਸ਼ੁਰੂ ਹੋਣੀ ਸੀ ਕਿਉਂ ਕਿ ਖਾਲਸਾ ਪੰਥ ਨੇ ਫੌਜੀ ਹਮਲੇ ਸਮੇਂ ਤਬਾਹ ਕੀਤੇ ਅਕਾਲ ਤਖਤ ਦੀ ਮੁਰੰਮਤ ਮਨਜ਼ੂਰ ਨਹੀਂ ਕੀਤੀ।

ਯਾਦ ਰਹੇ ਕਿ ਸਾਲ 1984 ਵਿੱਚ ਫੌਜੀ ਹਮਲੇ ਬਨਾਮ ਨੀਲਾ ਤਾਰਾ ਤੋਂ ਬਾਅਦ ਅਕਾਲ ਤਖ਼ਤ ਦੀ ਇਮਾਰਤ ਦਾ ਭਾਰੀ ਨੁਕਸਾਨ ਹੋਇਆ ਸੀ ।ਬਾਅਦ ਵਿੱਚ ਭਾਰਤ ਸਰਕਾਰ ਵਲੋਂ ਇਸ ਦੀ ਮੁਰੰਮਤ ਕਰਵਾਈ ਗਈ।

ਉਸ ਵੇਲੇ ਦੇ ਕੇਂਦਰੀ ਗ੍ਰਹਿ ਮੰਤਰੀ ਬੂਟਾ ਸਿੰਘ ਅਤੇ ਬੁੱਢਾ ਦਲ ਦੇ ਬਾਬਾ ਸੰਤਾ ਸਿੰਘ ਨਿਹੰਗ ਮੁਖੀ ਵੱਲੋਂ ਇਸ ਦੀ ਜਿੰਮੇਦਾਰੀ ਲਈ ਗਈ ਸੀ।

ਸਰਕਾਰੀ ਸਹਾਇਤਾ ਨਾਲ ਬਣੀ ਇਸੇ ਇਮਾਰਤ ਨੂੰ ਸਿੱਖ ਪੰਥ ਵੱਲੋਂ ਨਾ ਮਨਜ਼ੂਰ ਕਰ ਦਿੱਤਾ ਗਿਆ ਅਤੇ 1986 ਵਿੱਚ ਸਰਬੱਤ ਖਾਲਸਾ ਬੁਲਾਉਣ ਤੋਂ ਬਾਅਦ ਇਸ ਨੂੰ ਤੋੜਨ ਦਾ ਤੇ ਨਵੀਂ ਉਸਾਰੀ ਦਾ ਫੈਸਲਾ ਕੀਤਾ ਗਿਆ। ਸੰਤਾ ਸਿੰਘ ਨੂੰ ਸਿੱਖ ਪੰਥ ਵਿੱਚੋਂ ਛੇਕ ਕੇ 'ਤਨਖਾਹੀਆ' ਕਰਾਰ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

19 ਜਨਵਰੀ 1986 ਨੂੰ ਬਰਨਾਲਾ ਸਰਕਾਰ ਦੇ ਵਜੀਰ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਆਪਣੇ ਸਾਥੀਆਂ ਨਾਲ ਅਕਾਲ ਤਖਤ ਨੂੰ ਘੇਰਾ ਪਾ ਲਿਆ ਅਤੇ ਹਵਾਈ ਫਾਇਰਿੰਗ ਸ਼ੁਰੂ ਕਰ ਦਿਤੀ ।200 ਰੌਂਦ ਚਲਾਏ। ਦਮਦਮੀ ਟਕਸਾਲ ਨੇ ਦੋਸ਼ ਲਗਾਏ ਸਨ ਕਿ ਕਾਰ ਸੇਵਾ ਵਾਲੀ ਗੋਲਕ ਲੁਟੀ ਗਈ।

ਆਲ ਇੰਡੀਆ ਸਿਖ ਸਟੂਡੈਂਟਸ ਫੈਡਰੇਸ਼ਨ ਦੇ ਉਸ ਸਮੇਂ ਦੇ ਪ੍ਰਧਾਨ ਹਰਿੰਦਰ ਸਿੰਘ ਕਾਹਲੋਂ ਦਸਦੇ ਹਨ ਕਿ ਸਾਡੇ ਕੁਝ ਫੈਡਰੇਸ਼ਨ ਦੇ ਸਾਥੀ ਜਖਮੀ ਹੋ ਗਏ ।ਚੰਦੂਮਾਜਰਾ ਦੇ ਸਾਥੀਆਂ ਨੇ ਅਖੰਡ ਪਾਠ ਖੰਡਿਤ ਕਰਨ ਦੀ ਕੋਸ਼ਿਸ਼ ਕੀਤੀ ਪਰ ਫੈਡਰੇਸ਼ਨ ਦੇ ਸਿੰਘਾਂ ਨੇ ਇਸ ਹਮਲਾਵਰ ਗਿਰੋਹ ਨੂੰ ਖਦੇੜ ਦਿਤਾ ।ਗਗਨਦੀਪ ਸਿੰਘ ਬਰਨਾਲਾ ਵੀ ਇਹਨਾਂ ਨਾਲ ਸੀ ।ਇਹ ਰਾਈਫਲਾਂ ਛਡਕੇ ਭਜ ਆਏ ਸਨ ।ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਪੂਰਨ ਸਿੰਘ ਨੇ ਵਾਪਸ ਦਿਵਾਈਆਂ ਸਨ ਜੋ ਦਮਦਮੀ ਟਕਸਾਲ ਦੇ ਨੇੜੇ ਸਨ ।ਇਸ ਦੀ ਚਰਚਾ ਹਰਿੰਦਰ ਸਿੰਘ ਕਾਹਲੋਂ, ਭਾਈ ਮੋਹਕਮ ਸਿੰਘ, ਬਾਬਾ ਜੋਗਿੰਦਰ ਸਿੰਘ ਨੇ ਕੀਤੀ ਸੀ।

ਭਾਈ ਮੋਹਕਮ ਸਿੰਘ, ਹਰਿੰਦਰ ਸਿੰਘ ਕਾਹਲੋ,ਭਾਈ ਅਜਾਇਬ ਸਿੰਘ ਅਭਿਆਸੀ ,ਪ੍ਰੋਫੈਸਰ ਦਰਸ਼ਨ ਸਿੰਘ ਇਨ੍ਹਾਂ ਘਟਨਾਵਾਂ ਦੇ ਗਵਾਹ ਹਨ।

ਸੁਆਲ ਇਹ ਹੈ ਕਿ ਕੀ ਚੰਦੂਮਾਜਰਾ ਤੇ ਬਰਨਾਲਾ ਪਰਿਵਾਰ ਵਲੋਂ ਅਕਾਲ ਤਖਤ ਸਾਹਿਬ ਅਗੇ ਪੇਸ਼ ਹੋਕੇ ਇਸ ਘਟਨਾ ਦੀ ਮਾਫੀ ਮੰਗੀ ਗਈ ?

ਜਾਂ ਇਸ ਘਟਨਾ ਦਾ ਸਪਸ਼ਟੀਕਰਨ ਦਿਤਾ ਗਿਆ।

ਇਸ ਬਾਰੇ ਮੇਰੇ ਨਾਲ ਤਾਜ਼ਾ ਇੰਟਰਵਿਊ ਵਿਚ ਭਾਈ ਮੋਹਕਮ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਇਹ ਘਟਨਾ ਇਤਿਹਾਸਕ ਸਚ ਹੈ ।ਉਸ ਸਮੇਂ ਅਕਾਲ ਤਖਤ ਸਾਹਿਬ ਦੇ ਦੋ ਨਿਸ਼ਾਨ ਸਾਹਿਬ ਦੇ ਨੇੜੇ ਬਰਾਂਡੇ ਵਿਚ ਪੰਜਵਾਂ ਅਖੰਡ ਪਾਠ ਚਲ ਰਿਹਾ ਸੀ ।ਭਾਈ ਲਖਾ ਸਿੰਘ ਦਮਦਮੀ ਟਕਸਾਲ ਪਾਠ ਕਰ ਰਹੇ ਸਨ ।ਇਹਨਾਂ ਅਨਸਰਾਂ ਨੇ ਅਖੰਡ ਪਾਠ ਦੀ ਮਰਿਆਦਾ ਭੰਗ ਕਰਨ ਦੀ ਕੋਸ਼ਿਸ਼ ਕੀਤੀ ।ਪਰ ਦਮਦਮੀ ਟਕਸਾਲ ਤੇ ਫੈਡਰੇਸ਼ਨ ਦੇ ਸਿੰਘਾਂ ਨੇ ਇਸ ਨੂੰ ਖਦੇੜ ਦਿਤਾ। ਅਸੀਂ ਇਹਨਾਂ ਦੀਆਂ 16 ਰਾਈਫਲਾਂ ਖੋਹੀਆਂ ।ਇਕ ਗੰਨ ਸੁਰਜੀਤ ਸਿੰਘ ਬਰਨਾਲੇ ਦੇ ਨਾਮ ਸੀ ।ਅਬਿਨਾਸ਼ੀ ਸਿੰਘ ,ਬਲਦੇਵ ਸਿੰਘ ਬਰਨਾਲੇ ਦੀ ਰਾਈਫਲ ਮੰਗਣ ਆ ਗਏ ।ਅਸੀਂ ਦੇਣ ਤੋਂ ਇਨਕਾਰ ਕਰ ਦਿਤਾ ।ਅਸੀਂ ਇਹ ਰਾਈਫਲ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਪੂਰਨ ਸਿੰਘ ਨੂੰ ਸੌਂਪ ਦਿਤੀ ।ਪੂਰਨ ਸਿੰਘ ਕੋਲ ਪੁਲਿਸ ਲੈ ਗਈ।

ਸ਼ਾਮ ਦੌਰਾਨ ਬੀਬੀ ਬਿਮਲ ਕੌਰ ਖਾਲਸਾ ਦੀ ਅਗਵਾਈ ਵਿਚ ਵਡਾ ਜਥਾ ਅਕਾਲ ਤਖਤ ਸਾਹਿਬ ਪਹੁੰਚ ਗਿਆ। **-ਬਲਵਿੰਦਰਪਾਲ ਸਿੰਘ (ਪ੍ਰੋ.)**

# ਪ੍ਰਧਾਨ ਮੰਤਰੀ ਮੋਦੀ ,ਰਾਹੁਲ ਗਾਂਧੀ ਦੀ ਲੀਡਰਸ਼ਿਪ ਤੇ ਅਕਾਲੀ ,ਪੰਥਕ ਲੀਡਰਸ਼ਿਪ ਵਿਚ ਅੰਤਰ ਕੀ ਹੈ

**ਬਾਦਲਕਿਆਂ ਨੂੰ ਰਾਹੁਲ ਗਾਂਧੀ ਤੋਂ ਸਿਖਣ ਦੀ ਲੋੜ ☛ ☛ ਉਭਰ ਰਹੀ ਨੌਜਵਾਨ ਲੀਡਰਸ਼ਿਪ ਭਾਵੁਕਤਾ ,ਨਾਰੇਬਾਜੀ ਦੀ ਸਿਆਸਤ ਦੀ ਥਾਂ ਜਮਹੂਰੀ ਰਾਹ ਅਪਨਾਵੇ ☛ ਪ੍ਰਧਾਨਗੀ ਦੀ ਥਾਂ ਪੰਜ ਪ੍ਰਧਾਨੀ ਪੰਥ ਪ੍ਰਵਾਨਿਤ ਲੀਡਰਸ਼ਿਪ ਦੀ ਲੋੜ**



ਪ੍ਰਧਾਨ ਮੰਤਰੀ ਮੋਦੀ-ਸ਼ਾਹ ਹਿੰਦੂ ਧਰਮ ਦੇ ਵਾਹਿਦ ਲੀਡਰ ਹਨ ਕਿ ਕਿਵੇਂ ਉਨ੍ਹਾਂ ਹਿੰਦੂਤਵ ਤੇ ਰਾਸ਼ਟਰਵਾਦ ਦਾ ਗਠਜੋੜ ਬਣਾਕੇ ਆਪਣੀ ਸਿਆਸਤ ਦਾ ਖਾਕਾ ਬੁਣਿਆ ਉਚ ਜਾਤੀ ਹਿੰਦੂ ਲੀਡਰਸ਼ਿਪ ਮੋਦੀ ਰਾਜ ਵਿਚ ਸੁਰਖਿਅਤ ਸਮਝਦੀ ਅਖਾਂ ਮੀਟਕੇ ਵੋਟ ਪਾਉਂਦੀ ਹੈ ।ਪੰਜਾਬ ਵਿਚ 18 ਪ੍ਰਤੀਸ਼ਤ ਵੋਟ ਭਾਜਪਾ ਨੂੰ ਮਿਲਣੀ ਮੋਦੀ ਫਿਨੌਮਨੇ ਚਮਤਕਾਰ ਹੈ ।ਹਿੰਦੂ ਭਾਈਚਾਰੇ ਨੂੰ ਇਹ ਭਰੋਸਾ ਕਿਸੇ ਹੋਰ ਪਾਰਟੀ ਤੋਂ ਨਹੀਂ ਹੈ। ਭਾਰਤੀ ਰਾਜਨੀਤੀ ਵਿਚ ਰਾਹੁਲ ਗਾਂਧੀ ਦਾ ਉਭਾਰ ਕਿਸੇ ਚਮਤਕਾਰ ਤੋਂ ਘਟ ਨਹੀਂ ਹੈ ।ਪੰਜ ਸਾਲ ਪਹਿਲਾਂ ਉਨ੍ਹਾਂ ਦੇ ਬਿਆਨਾਂ ਤੇ ਰਾਜਨੀਤੀ ਨੂੰ ਕੋਈ ਵੀ ਸੁਹਿਰਦਤਾ ਨਾਲ ਨਹੀਂ ਲੈਂਦਾ ਸੀ ।ਪਰ ਹੁਣ ਕੀ ਅਜਿਹਾ ਵਾਪਰਿਆ ਕਿ ਉਨ੍ਹਾਂ ਦੀ ਭਾਰਤੀ ਰਾਜਨੀਤੀ ਵਿਚ ਵਖਰੀ ਇਮੇਜ ਬਣ ਰਹੀ ਹੈ ।ਪੰਜਾਬ ਵਿਚ ਜਦੋਂ ਅਕਾਲੀ ਦਲ ਫੇਲ ਹੋ ਗਿਆ ,ਆਪ ਪੰਜਾਬੀਆਂ ਦੇ ਵਾਅਦੇ ਨਹੀਂ ਨਿਭਾ ਸਕੀ ਤਾਂ ਰਾਹੁਲ ਕਾਰਣ ਪੰਜਾਬੀਆਂ ਦੀ ਵੋਟ ਜਿਸ ਵਿਚ ਸਿਖ ਭਾਈਚਾਰਾ ਵਡੀ ਗਿਣਤੀ ਵਿਚ ਕਾਂਗਰਸ ਦੇ ਹਕ ਭੁਗਤਿਆ। ਰਾਹੁਲ ਗਾਂਧੀ ਨੇ ਲੰਬਾ ਸਿਆਸੀ ਸਫ਼ਰ ਤੈਅ ਕੀਤਾ ਹੈ। ਉਸ ਨੇ ਵਿਦੇਸ਼ੀ ਯੂਨੀਵਰਸਿਟੀਆਂ ਵਿੱਚ ਸੰਵਾਦਾਂ ਰਾਹੀਂ ਆਪਣਾ ਬੌਧਿਕ ਅਕਸ ਬਣਾਇਆ, ਅਜਾਰੇਦਾਰ ਕਾਰਪੋਰੇਟ ਘਰਾਣਿਆਂ ਨੂੰ ਨਿਸ਼ਾਨਾ ਬਣਾ ਕੇ ਆਪਣੇ ਆਪ ਨੂੰ ਆਮ ਲੋਕਾਂ ਦੇ ਆਗੂ ਵਜੋਂ ਸਥਾਪਤ ਕਰਨ ਦੀ ਕੋਸ਼ਿਸ਼ ਕੀਤੀ, ਫਿਰਕੂ ਸਦਭਾਵਨਾ ਦਾ ਦੂਤ ਅਤੇ 'ਭਾਰਤ ਜੋੜੋ ਯਾਤਰਾ' ਰਾਹੀਂ 'ਪਿਆਰ ਦਾ ਦੁਕਾਨਦਾਰ' ਬਣਿਆ ਅੱਗੇ, ਉਸਨੇ ਮੁੜ ਬਹੁਜਨ (ਮੰਡਲ + ਦਲਿਤ) ਰਾਜਨੀਤੀ ਦੀ ਵਿਰਾਸਤ ਦਾ ਦਾਅਵਾ ਕੀਤਾ। ਉਸ ਦੀ ਇੱਕ ਵਿਸ਼ੇਸ਼ਤਾ ਜੋ ਇਸ ਸਮੇਂ ਦੌਰਾਨ ਨਿਰੰਤਰ ਬਣੀ ਰਹੀ ਉਹ ਇਹ ਸੀ ਕਿ ਉਸਨੇ ਆਪਣੇ ਜੀਵਨ ਵਿੱਚ 'ਡਰੋ ਮਤ' ਦੇ ਨਾਅਰੇ ਦੀ ਪਾਲਣਾ ਕੀਤੀ। ਨਰਿੰਦਰ ਮੋਦੀ-ਅਮਿਤ ਸ਼ਾਹ ਵਰਗੇ ਮਹਾਂ ਨੇਤਾਵਾਂ ਦੇ ਦੌਰ ਵਿੱਚ ਕਿਸੇ ਨੇਤਾ ਦਾ ਬੇਬਾਕ ਰਵੱਈਏ ਨਾਲ ਵਿਰੋਧੀ ਜਾਂ ਵਿਰੋਧੀ ਦੀ ਭੂਮਿਕਾ ਵਿੱਚ ਰਹਿਣਾ ਵੀ ਘੱਟ ਸਿਫ਼ਤਯੋਗ ਨਹੀਂ ਹੈ। ਇਸ ਕਾਰਣ ਅੱਜ ਰਾਹੁਲ ਵਿਰੋਧੀ ਧਿਰ ਦੇ ਸਰਬ-ਪ੍ਰਵਾਨਿਤ ਨੇਤਾ ਵਜੋਂ ਉਭਰਿਆ ਹੈ। ਨਾ ਸਿਰਫ਼ ਸੰਸਦੀ ਵਿਰੋਧੀ ਪਾਰਟੀਆਂ ਵਿੱਚ ਉਸਨੂੰ ਸਵੀਕਾਰਿਆ ਹੈ, ਸਗੋਂ ਜਨਤਕ ਜੀਵਨ ਵਿੱਚ ਮੌਜੂਦਾ ਸਰਕਾਰ ਦੇ ਤਰੀਕਿਆਂ ਅਤੇ ਵਿਚਾਰਧਾਰਾ ਨਾਲ ਅਸਹਿਮਤ ਰਹਿਣ ਵਾਲਿਆਂ ਵਿੱਚ ਵੀ ਰਾਹੁਲ ਪ੍ਰਭਾਵ ਲਗਾਤਾਰ ਵਧਦਾ ਜਾ ਰਿਹਾ ਹੈ। ਕੀ ਬਾਦਲ ਦਲ ਜਾਂ ਬਾਗੀ ਲੀਡਰਸ਼ਿਪ ,ਤੇ ਹੋਰ ਪੰਥਕ ਧੜੇ ਆਪਣੀ ਕੌਮ ਪ੍ਰਤੀ ,ਖਿਤੇ ਪ੍ਰਤੀ ਪ੍ਰਧਾਨ ਮੰਤਰੀ ਮੋਦੀ ਵਾਂਗ ਪਹਿਰੇਦਾਰ ਬਣ ਸਕਣਗੇ ।ਦੂਜਾ ਸੁਆਲ ਕੀ ਇਹਨਾਂ ਵਿਚ ਰਾਹੁਲ ਗਾਂਧੀ ਵਾਂਗ ਪਾਰਟੀ ਤਿਆਗ ਦੀ ਭਾਵਨਾ ਹੈ ਕਿ ਆਪਣੇ ਅਹੁਦੇ ,ਪ੍ਰਧਾਨਗੀ ਤਿਆਗ ਸਕਣ ।ਪੰਜਾਬ ਦੇ ਲੋਕਾਂ ਤੇ ਆਪਣੇ ਪੰਥ ਦੀ ਅਗਵਾਈ ਕਰ ਸਕਣ ।ਪੰਥ ਦਾ ਮਤਲਬ ਉਚ ਜਾਤਾਂ ਦਾ ਇਕਠ ਨਹੀਂ ਇਸ ਵਿਚ ਸਭ ਕਿਰਤੀ ਲੋਕ, ਦਲਿਤ,ਪਛੜੇ ,ਸ਼ਹਿਰੀ ਆਉਦੇ ਹਨ ਜੋ ਨਾਨਕਪੰਥੀ ਹਨ ।ਇਹਨਾਂ ਦਾ ਅਕਾਲੀ ਦਲ ਵਿਚ ਸਥਾਨ ਕਿਉਂ ਨਹੀਂ ਹੈ ? ਸੁਖਬੀਰ ਬਾਦਲ ਤਾਂ ਆਪਣੀਆਂ ਗਲਤੀਆਂ ਮੰਨਣ ਨੂੰ ਤਿਆਰ ਨਹੀਂ, ਸਬੂਤ ਸਾਹਮਣੇ ਹਨ ,ਗਵਾਹ ਬਾਗੀ ਅਕਾਲੀ ਆਗੂ ਹਨ ।ਸੁਖਬੀਰ ਅਕਾਲ ਤਖਤ ,ਸ਼੍ਰੋਮਣੀ ਕਮੇਟੀ ,ਅਕਾਲੀ ਦਲ ਉਪਰ ਕਬਜਾ ਕਰਕੇ ਬੈਠੇ ਹਨ ।ਪਰ ਸਿਖ ਪੰਥ ਦਾ ਉਨ੍ਹਾਂ ਵਿਚ ਵਿਸ਼ਵਾਸ ਨਹੀਂ ।ਬਾਗੀ ਅਕਾਲੀ ਭਾਵੇ ਸੁਖਬੀਰ ਅਗੇ ਗੋਡੇ ਟੇਕ ਦੇਣ ਪਰ ਸਿਖ ਪੰਥ ਸੁਖਬੀਰ ਨੂੰ ਅਪਨਾਉਣ ਨੂੰ ਤਿਆਰ ਨਹੀਂ। ਬਾਗੀ ਅਕਾਲੀ ਚਾਹੁੰਦੇ ਨੇ ਕਿ ਅੰਮ੍ਰਿਤ ਪਾਲ ਸਿੰਘ ਦੀ ਅਗਵਾਈ ਵਿਚ ਨਵਾਂ ਅਕਾਲੀ ਦਲ ਸਿਰਜਿਆ ਜਾਵੇ ।ਚੰਦੂਮਾਜਰਾ ਦੀ ਭਾਈ ਅੰਮ੍ਰਿਤ ਪਾਲ ਸਿੰਘ ਦੀ ਫੇਰੀ ਇਹੀ ਬਿਰਤਾਂਤ ਸਿਰਜ ਰਹੀ ਹੈ ।ਪਰ ਕੀ ਅੰਮ੍ਰਿਤ ਪਾਲ ਸਿੰਘ ਕਾਮਯਾਬ ਹੋ ਸਕਣਗੇ ? ਲੀਡਰਸ਼ਿਪ ਦੀ ਕਾਮਯਾਬੀ ਲਈ ਤੁਹਾਡੀ ਤਿਆਗ ਭਾਵਨਾ ,ਵਿਸ਼ਵਾਸ ,ਇਮਾਨਦਾਰੀ ,ਸੂਝ ਬੂਝ ,ਜਮਹੂਰੀ ਰਾਜਨੀਤੀ, ਤੁਹਾਡਾ ਕੇਡਰ ,ਤੁਹਾਡਾ ਏਜੰਡਾ,ਖਿਤੇ ਦੇ ਲੋਕਾਂ ਪ੍ਰਤੀ ਸਮਝ ,ਖਿਤੇ ਪ੍ਰਤੀ ਵਿਸ਼ਵਾਸ, ਯੋਗਤਾ ਵਡੀ ਭੂਮਿਕਾ ਨਿਭਾਉਂਦੇ ਹਨ ।ਇਹ ਪੰਥਕ ਲੀਡਰਸ਼ਿਪ ਨੂੰ ਸਮਝਣ ਦੀ ਲੋੜ ਹੈ ।ਭਾਵੁਕ ਨਾਰਿਆਂ ਵਿਚ ਸਿਖ ਪੰਥ ਤੇ ਪੰਜਾਬ ਦਾ ਨੁਕਸਾਨ ਹੈ ਜੁਗਤ ਨਾਲ ਪੰਜਾਬ ਦੀ ਰਾਜਨੀਤੀ ਤੇ ਖਿਤਾ ਉਭਾਰਨ ਦੀ ਲੋੜ ।ਜਿਨ੍ਹਾਂ ਕੌਮਾਂ ,ਖਿਤੇ ਕੋਲ ਰਾਜਨੀਤੀ ਦੀ ਉਚ ਅਵਸਥਾ ਨਹੀਂ, ਉਹ ਕੌਮਾਂ ਖਤਰੇ ਵਿਚ ਰਹਿੰਦੀਆਂ ਹਨ।



**ਵਿਚਾਰ ਆਪੋ-ਆਪਣਾ**

ਆਵਾਜ਼ਿ ਕੌਮ AWAZE QAUM International Newspaper & WEB TV

**-ਬਲਵਿੰਦਰਪਾਲ ਸਿੰਘ (ਪ੍ਰੋ.)**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਸਥਾਪਨਾ ਦਿਵਸ

ਸਿਰਜਨਾ ਦਿਵਸ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਮੀਰੀ ਪੀਰੀ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

**ਸ਼ਨਿੱਚਰਵਾਰ 6 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 7 ਜੁਲਾਈ 2024 ਨੂੰ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਢਾਡੀ ਜਥਾ ਗਿਆਨੀ ਸੁਖਬੀਰ ਸਿੰਘ ਭੌਰ ਢਾਡੀ ਵਾਰਾਂ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਛਬੀਲ ਵੀ ਲੱਗੇਗੀ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਜਲੰਧਰ ਪੱਛਮੀ ਤੋਂ ਆਪ ਉਮੀਦਵਾਰ

# ਮਹਿੰਦਰ ਭਗਤ ਦੀ ਜਿੱਤ ਪੱਕੀ, ਐਲਾਨ ਹੋਣਾ ਬਾਕੀ: ਚੇਅਰਮੈਨ ਘੁੱਲੀ



ਧੂਰੀ ( ਰਣਜੀਤ ਸਿੰਘ ਪੇਧਨੀ ) ਵਿਧਾਨ ਸਭਾ ਹਲਕਾ ਜਲੰਧਰ ਪੱਛਮੀ ਦੀ ਹੋ ਰਹੀ ਜਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੀ ਵੱਡੇ ਫਰਕ ਨਾਲ ਜਿੱਤ ਹੋਣੀ ਪੱਕੀ ਹੈ ਕਿਉਕਿ ਲੋਕ ਆਪ ਦੀਆਂ ਲੋਕ ਪੱਖੀ ਨੀਤੀਆ ਤੋ ਪ੍ਰਭਾਵਿਤ ਹਨ ਇਹਨਾ ਵਿਚਾਰਾਂ ਦਾ ਪ੍ਰਗਟਾਵਾ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕਿਟ ਕਮੇਟੀ ਧੂਰੀ ਨੇ ਕੀਤਾ। ਉਹਨਾ ਕਿਹਾ ਕਿ ਆਪ ਦੇ ਉਮੀਦਵਾਰ ਮਹਿੰਦਰ ਭਗਤ ਇੱਕ ਸਾਫ ਸੁਥਰੀ ਸਵੀ ਮਾਲਕ ਹਨ ਉਹਨਾ ਦਾ ਪਰਿਵਾਰ ਦੁਆਬੇ ਦੀ ਰਾਜਨੀਤੀ ਵਿੱਚ ਵੱਖਰੀ ਪਛਾਣ ਰੱਖਦਾ ਹੈ ਉਹਨਾ ਦੇ ਹੱਕ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਹਨਾ ਦੀ ਧਰਮਪਤਨੀ ਡਾਕਟਰ ਗੁਰਪ੍ਰੀਤ ਕੌਰ ਮਾਨ ਦੇ ਵੱਲੋਂ ਮੀਟਿੰਗਾ ਦਾ ਸਿਲਸਿਲਾ ਜਾਰੀ ਹੈ। ਜਲੰਧਰ ਦੇ ਲੋਕ ਕਾਂਗਰਸ ਪਾਰਟੀ ਤੇ ਭਾਜਪਾ ਦੇ ਉਮੀਦਵਾਰਾ ਨੂੰ ਲੋਕ ਚੰਗੀ ਤਰਾਂ ਜਾਣਦੇ ਹਨ। ਜਲੰਧਰ ਪੱਛਮੀ ਤੋਂ ਆਪ ਉਮੀਦਵਾਰ ਨੂੰ ਜਿੱਤਣਾ ਬਹੁਤ ਜਰੂਰੀ ਹੈ ਕਿਉਕਿ ਆਪ ਦੀ ਅਗਵਾਈ ਵਾਲੀ ਸਰਕਾਰ ਵੱਲੋ ਦਿੱਤੀਆ ਜਾ ਰਹੀਆ ਸਹੂਲਤਾ ਤੋ ਲੋਕ ਖੁਸ ਹਨ । ਪੰਜਾਬ ਦੇ ਮੁੱਖ ਮੰਤਰੀ ਸ,ਭਗਵੰਤ ਸਿੰਘ ਮਾਨ ਵਿਕਾਸ ਨੂੰ ਤਰਜੀਹ ਦੇ ਰਹੇ ਹਨ। ਮਹਿੰਦਰ ਭਗਤ ਦੇ ਵਿਧਾਇਕ ਬਣਨ ਨਾਲ ਜਲੰਧਰ ਪੱਛਮੀ ਦਾ ਚੁੰਹਪੱਖੀ ਵਿਕਾਸ ਹੋਵੇਗਾ। ਇਸ ਮੌਕੇ ਆਪ ਆਗੂ ਕਰਮਜੀਤ ਸਿੰਘ ਕਾਂਝਲਾ, ਆਪ ਆਗੂ ਪਰਮਜੀਤ ਸਿੰਘ ਕਾਂਝਲਾ, ਆਪ ਆਗੂ ਰਣਜੋਧ ਸਿੰਘ ਕਾਂਝਲਾ ਪ੍ਰਮੁੱਖ ਉਮੀਦਵਾਰ ਜਿਲ੍ਹਾ ਪ੍ਰੀਸ਼ਦ ਜੋਨ ਬੇਨੜਾ, ਆਪ ਆਗੂ ਭਿੰਦਾ ਵਿਰਕ, ਆਪ ਆਗੂ ਬਿੱਲਾ ਸਾਹੀਵਾਲ, ਆਪ ਆਗੂ ਰਣਜੀਤ ਸਿੰਘ ਸੇਰਗਿੱਲ, ਆਪ ਆਗੂ ਰਣਜੀਤ ਸਿੰਘ ਧੰਦੀਵਾਲ, ਆਪ ਆਗੂ ਨਾਹਰ ਸਿੰਘ ਮੀਮਸਾ,ਆਪ ਆਗੂ ਮਾਣਾ ਗਰੇਵਾਲ ਹਾਜ਼ਰ ਸਨ।

### ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ

# ਵੱਡੀ ਗਿਣਤੀ ਵਿਧਾਇਕਾਂ, ਆਗੂਆਂ ਤੇ ਹੋਰ ਸਖ਼ਸੀਅਤਾਂ ਨੇ ਵੀ ਕੀਤੀ ਸ਼ਿਰਕਤ

**ਸੁਨਾਮ ਊਧਮ ਸਿੰਘ ਵਾਲਾ/ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਪਿਤਾ ਅਤੇ ਸਾਬਕਾ ਮੰਤਰੀ ਪੰਜਾਬ ਸਵ. ਬਾਬੂ ਭਗਵਾਨ ਦਾਸ ਅਰੋੜਾ ਦੀ 24ਵੀਂ ਬਰਸੀ ਦੇ ਮੌਕੇ 'ਤੇ ਸੁਨਾਮ ਵਿਖੇ ਆਯੋਜਿਤ ਸ਼ਰਧਾਂਜਲੀ ਸਮਾਗਮ ਦੌਰਾਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਵਿਧਾਇਕ ਮਾਨਸਾ ਵਿਜੈ ਸਿੰਗਲਾ, ਵਿਧਾਇਕ ਮਲੇਰਕੋਟਲਾ ਜਮੀਲ ਉਰ ਰਹਿਮਾਨ, ਵਿਧਾਇਕ ਭੁੱਚੋਂ ਮੰਡੀ ਜਗਸੀਰ ਸਿੰਘ, ਵਿਧਾਇਕ ਨਾਭਾ ਦੇਵ ਸਿੰਘ ਮਾਨ, ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋਂ, ਐਮਐਲਏ ਮਹਿਲ ਕਲਾਂ ਕੁਲਵੰਤ ਸਿੰਘ ਪੰਡੋਰੀ, ਐਮਐਲਏ ਨਿਹਾਲ ਸਿੰਘ ਵਾਲਾ ਮਨਜੀਤ ਸਿੰਘ ਬਿਲਾਸਪੁਰ, ਸਾਬਕਾ ਐਮਐਲਏ ਰੋਪੜ ਅਮਰਜੀਤ ਸਿੰਘ ਸਮੇਤ ਹੋਰ ਸ਼ਖਸ਼ੀਅਤਾਂ ਨੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਉਨ੍ਹਾਂ ਵੱਲੋਂ ਪਾਏ ਵਡਮੁੱਲੇ ਯੋਗਦਾਨ ਨੂੰ ਯਾਦ ਕੀਤਾ। ਇਸ ਮੌਕੇ ਬਾਬੂ ਭਗਵਾਨ ਦਾਸ ਅਰੋੜਾ ਦੀ ਨਿੱਘੀ ਯਾਦ ਨੂੰ ਸਮਰਪਿਤ ਮੁਫ਼ਤ ਡੈਂਟਲ ਅਤੇ ਮੈਡੀਕਲ ਕੈਂਪ ਵੀ ਲਗਾਇਆ ਗਿਆ । ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਬਾਬੂ ਭਗਵਾਨ ਦਾਸ ਅਰੋੜਾ ਹੋਰਨਾਂ ਲਈ ਚਾਨਣ ਮੁਨਾਰਾ ਸਨ। ਉਹਨਾਂ ਕਿਹਾ ਕਿ ਮਨੁੱਖਤਾ ਦੀ ਭਲਾਈ ਲਈ ਸਰਗਰਮ ਰਹਿਣ ਵਾਲੀਆਂ ਨੇਕ ਰੂਹਾਂ ਨੂੰ ਹਮੇਸ਼ਾਂ ਯਾਦ ਰੱਖਿਆ ਜਾਂਦਾ ਹੈ ਅਤੇ ਉਹਨਾਂ ਦੀ ਨਿੱਘੀ ਯਾਦ ਨੂੰ ਸਮਰਪਿਤ ਇਹ ਸ਼ਰਧਾਂਜਲੀ ਸਮਾਗਮ, ਜ਼ਿੰਦਗੀ ਵਿੱਚ ਉਹਨਾਂ ਵੱਲੋਂ ਕੀਤੀਆਂ ਨੇਕ ਕਮਾਈਆਂ ਦਾ ਸਪਸ਼ਟ ਸਬੂਤ ਹੈ। ਗੁਰੂ ਨਾਨਕ ਦੇਵ ਡੈਂਟਲ ਕਾਲਜ ਸੁਨਾਮ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਸੰਗਤਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਮਾਨਸਾ ਵਿਜੈ ਸਿੰਗਲਾ ਨੇ ਕਿਹਾ ਕਿ ਬਾਬੂ ਭਗਵਾਨ ਦਾਸ ਅਰੋੜਾ ਦੀ ਦੇਣ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਅਤੇ ਉਨ੍ਹਾਂ ਦੇ ਸਪੁੱਤਰ ਅਮਨ ਅਰੋੜਾ ਵੀ ਆਪਣੇ ਪਿਤਾ ਵਾਂਗ ਹੀ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਲੋਕ ਸੇਵਾ ਨੂੰ ਸਮਰਪਿਤ ਹਨ। ਉਨ੍ਹਾਂ ਕਿਹਾ ਕਿ ਬਾਬੂ ਭਗਵਾਨ ਦਾਸ ਨੇ ਇਲਾਕੇ ਦੀ ਸੇਵਾ ਦਾ ਸੰਕਲਪ ਮਨ ਵਿੱਚ ਲੈ ਕੇ ਇਹ ਡੈਂਟਲ ਕਾਲਜ ਇਥੇ ਸਥਾਪਤ ਕੀਤਾ ਸੀ ਤਾਂ ਜੋ ਇਥੋਂ ਦੇ ਲੋਕਾਂ ਨੂੰ ਅਤਿ ਆਧੁਨਿਕ ਇਲਾਜ ਸੁਵਿਧਾਵਾਂ ਮਿਲ ਸਕਣ। ਇਸ ਮੌਕੇ ਵਿਧਾਇਕ ਮਲੇਰਕੋਟਲਾ ਜਮੀਲ ਉਰ ਰਹਿਮਾਨ ਨੇ ਕਿਹਾ ਕਿ ਇਨਸਾਨੀਅਤ ਦੇ ਭਲੇ ਲਈ ਕੰਮ ਕਰਨ ਵਾਲੇ ਹਮੇਸ਼ਾਂ ਯਾਦ ਰੱਖੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਅਰੋੜਾ ਪਰਿਵਾਰ ਨੇ ਨੇਕ ਦਿਲੀ ਨਾਲ ਹਮੇਸ਼ਾਂ ਹੀ ਗਰੀਬਾਂ ਤੇ ਲੋੜਵੰਦਾਂ ਦੀ ਮਦਦ ਕੀਤੀ ਹੈ ਅਤੇ ਬਾਬੂ ਭਗਵਾਨ ਦਾਸ ਅਰੋੜਾ ਦੇ ਪਦਚਿੰਨ੍ਹਾਂ 'ਤੇ ਚੱਲ ਕੇ ਕੈਬਨਿਟ ਮੰਤਰੀ ਅਮਨ ਅਰੋੜਾ ਵੀ ਪੂਰੀ ਤਨਦੇਹੀ ਨਾਲ ਲੋਕ ਸੇਵਾ ਚ ਜੁਟੇ ਹੋਏ ਹਨ। ਵਿਧਾਇਕ ਭੁੱਚੋਂ ਮੰਡੀ ਜਗਸੀਰ ਸਿੰਘ ਨੇ ਕਿਹਾ ਕਿ ਬਾਬੂ ਭਗਵਾਨ ਦਾਸ ਅਰੋੜਾ ਨੇਕ ਦਿਲ ਇਨਸਾਨ ਸਨ ਅਤੇ ਉਹਨਾਂ ਵੱਲੋਂ ਇਲਾਕੇ ਦੀ ਨੁਹਾਰ ਸੰਵਾਰਨ ਦਾ ਜੋ ਬੀੜਾ ਚੁੱਕਿਆ ਗਿਆ ਸੀ ਉਸ ਨੂੰ ਅਮਨ ਅਰੋੜਾ ਬਾਖੂਬੀ ਪੂਰਾ ਕਰਨ ਵਿੱਚ ਜੁਟੇ ਹੋਏ ਹਨ। ਵਿਧਾਇਕ ਨਾਭਾ ਦੇਵ ਸਿੰਘ ਮਾਨ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਮਾਂ ਵਰਗਾ ਲਾਡ ਕੋਈ ਨਹੀਂ ਲਡਾਉਂਦਾ ਅਤੇ ਪਿਤਾ ਦਾ ਹੱਥ ਸਿਰ 'ਤੇ ਹੋਵੇ ਤਾਂ ਕਿਸੇ ਗੱਲ ਦੀ ਪਰਵਾਹ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਮਾਪਿਆਂ ਦੀਆਂ ਦੁਆਵਾਂ ਸਦਕਾ ਹੀ ਇਨਸਾਨ ਬੁਲੰਦੀਆਂ ਨੂੰ ਛੂਹਦਾ ਹੈ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਆਪਣੇ ਪਿਤਾ ਬਾਬੂ ਭਗਵਾਨ ਦਾਸ ਅਰੋੜਾ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਹਰ ਸਾਲ ਕਰਵਾਇਆ ਜਾਂਦਾ ਸਮਾਗਮ ਉਨ੍ਹਾਂ ਦੀ ਆਪਣੇ ਪਿਤਾ ਪ੍ਰਤੀ ਨਿੱਘੀ ਸੋਚ ਦਾ ਪ੍ਰਗਟਾਓ ਕਰਦਾ ਹੈ। ਨੇ ਵੀ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਅਖੀਰ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਆਈਆਂ ਸੰਗਤਾਂ ਦਾ ਧੰਨਵਾਦ ਕਰਦੇ ਹਾਂ ਕਿਹਾ ਕਿ ਉਹਨਾਂ ਦੇ ਪਿਤਾ ਜੀ ਦੇ ਸਦੀਵੀ ਵਿਛੋੜੇ ਤੋਂ 24 ਸਾਲ ਬਾਅਦ ਵੀ ਉਹਨਾਂ ਦੇ ਪਿਤਾ ਦੁਆਰਾ ਕੀਤੇ ਲੋਕ ਪੱਖੀ ਕਾਰਜਾਂ ਨੂੰ ਮਾਣ ਸਤਿਕਾਰ ਮਿਲਦਾ ਪਿਆ ਹੈ ਜੋ ਕਿ ਪਰਮਾਤਮਾ ਦੀ ਵੱਡੀ ਮਿਹਰ ਦੇ ਸਦਕਾ ਹੀ ਸੰਭਵ ਹੋ ਸਕਿਆ ਹੈ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਉਹ ਸ਼ਹੀਦ ਊਧਮ ਸਿੰਘ ਜੀ ਦੀ ਸ਼ਹਾਦਤ ਨੂੰ ਪ੍ਰਣਾਮ ਕਰਦੇ ਹੋਏ ਵਿਧਾਨ ਸਭਾ ਹਲਕਾ ਸੁਨਾਮ ਨੂੰ ਮਾਡਲ ਹਲਕੇ ਵਜੋਂ ਸੂਬੇ ਦਾ ਮੋਹਰੀ ਹਲਕਾ ਬਣਾਉਣ ਦੀ ਦਿਸ਼ਾ ਵਿੱਚ ਨਿਰੰਤਰ ਕਾਰਜਸ਼ੀਲ ਹਨ। ਸ਼ਰਧਾਂਜਲੀ ਸਮਾਰੋਹ ਦੌਰਾਨ ਉਨ੍ਹਾਂ ਨੇ ਆਪਣੇ ਮਾਤਾ ਜੀ ਪਰਮੇਸ਼ਵਰੀ ਦੇਵੀ ਅਤੇ ਭੈਣ ਰਾਧਿਕਾ ਅਰੋੜਾ ਸਮੇਤ ਸਮੁੱਚੇ ਪਰਿਵਾਰ ਦੀ ਤਰਫ਼ੋਂ ਸਮੂਹ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਰਾਗੀ ਜੱਥੇ ਨੇ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ, ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਾਹਲ, ਉਪ ਮੰਡਲ ਮੈਜਿਸਟਰੇਟ ਸੁਨਾਮ ਪਰਮੋਦ ਸਿੰਗਲਾ, ਉਪ ਮੰਡਲ ਮੈਜਿਸਟਰੇਟ ਸੰਗਰੂਰ ਚਰਨਜੋਤ ਸਿੰਘ ਵਾਲੀਆ ਸਮੇਤ ਵੱਡੀ ਗਿਣਤੀ ਵਿੱਚ ਮਾਰਕੀਟ ਕਮੇਟੀਆਂ ਦੇ ਚੇਅਰਮੈਨ, ਨਗਰ ਕੌਂਸਲ ਪ੍ਰਧਾਨ ਸਮੇਤ ਹੋਰ ਅਹੁਦੇਦਾਰ ਤੇ ਕੌਂਸਲਰ ਸਮੇਤ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।



**ਬਾਬੂ ਭਗਵਾਨ ਦਾਸ ਅਰੋੜਾ ਦੀ ਨਿੱਘੀ ਯਾਦ ਨੂੰ ਸਮਰਪਿਤ ਮੁਫ਼ਤ ਡੈਂਟਲ ਅਤੇ ਮੈਡੀਕਲ ਕੈਂਪ ਦਾ ਆਯੋਜਨ**

## ਪਿੰਡ ਅਰਜਨ ਮਾਂਗਾ ਵਿੱਚ ਰੁੱਖ ਉਗਾਓ, ਵਾਤਾਵਰਣ ਬਚਾਓ ਮੁਹਿੰਮ ਤਹਿਤ ਪੌਦੇ ਲਗਾਉਣ ਦੇ ਕੰਮ ਦੀ ਸ਼ੁਰੂਆਤ



**ਚੌਕ ਮਹਿਤਾ, 3 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿੰਡ ਅਰਜਨ ਮਾਂਗਾ ਵਿੱਚ ਸ੍ ਜਗਵਿੰਦਰ ਪਾਲ ਸਿੰਘ ਜੱਗਾ ਇੰਚਾਰਜ ਹਲਕਾ ਮਜੀਠਾ ਦੀ ਅਗਵਾਈ ਵਿੱਚ ਰੁਖ ਉਗਾਓ, ਵਾਤਾਵਰਣ ਬਚਾਓ ਮੁਹਿੰਮ ਤਹਿਤ ਪੌਦੇ ਲਗਾਉਣ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ ਤਾਂ ਕਿ ਵਾਤਾਵਰਣ ਨੂੰ ਬਚਾਉਣ ਦੇ ਨਾਲ ਨਾਲ ਪਿੰਡ ਅਰਜਨ ਮਾਂਗਾ ਨੂੰ ਹਰਿਆ ਭਰਿਆ ਕੀਤਾ ਜਾ ਸਕੇ। ਇਸ ਮੌਕੇ ਪ੍ਰਿੰਸੀਪਲ ਗੁਰਮੁੱਖ ਸਿੰਘ ਅਰਜਨ ਮਾਂਗਾ ਕਿਹਾ ਕਿ ਹਰ ਮਨੁੱਖ ਨੂੰ ਪੰਜਾਬ ਨੂੰ ਹਰਾ ਭਰਾ ਬਣਾਉਣ ਲਈ ਆਪੋ ਆਪਣੇ ਪਿੰਡਾਂ ਵਿੱਚ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੀ ਹਨ ਅਤੇ ਰੁੱਖਾਂ ਦੀ ਪਾਲਣਾ ਪੋਸ਼ਣ ਆਪਣੇ ਪੁੱਤਰਾਂ ਵਾਂਗ ਕਰਨੀ ਚਾਹੀਦੀ ਹੈ।ਇਸ ਦੌਰਾਨ ਸਮਾਜ ਸੇਵੀ ਪ੍ਰਿੰਸੀਪਲ ਗੁਰਮੁੱਖ ਸਿੰਘ ਅਰਜਨ ਮਾਂਗਾ,ਡਾਕਟਰ ਨਿਸ਼ਾਨ ਸਿੰਘ, ਸੂਬੇਦਾਰ ਬਲਬੀਰ ਸਿੰਘ, ਡਾਕਟਰ ਰਣਧੀਰ ਸਿੰਘ, ਨਿਸ਼ਾਨ ਸਿੰਘ ਮੈਬਰ ਪੰਚਾਇਤ,ਰੂੜ ਸਿੰਘ ਮੈਬਰ ਪੰਚਾਇਤ, ਮਨਧੀਰ ਸਿੰਘ, ਫਕੀਰ ਸਿੰਘ, ਕੁਲਵਿੰਦਰ ਸਿੰਘ ਜੋਗਿੰਦਰ ਸਿੰਘ ਬਾਊ, ਮੁਖਤਿਆਰ ਸਿੰਘ, ਗੁਰਨਾਮ ਸਿੰਘ, ਗੁਰਮੀਤ ਸਿੰਘ ਆਦਿ ਹਾਜਿਰ ਸਨ।

## ਜ਼ਿਲ੍ਹਾ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਜਾਰੀ ਮੁਹਿੰਮ ਨਵੇਕਲੀ ਪਹਿਲ ਦੀ ਹਰ ਪਾਸੇ ਪ੍ਰਸ਼ੰਸਾ ਹੋ ਰਹੀ ਏ




ਫ਼ਿਰੋਜ਼ਪੁਰ, 3 ਜੁਲਾਈ (ਮਨੋਹਰ ਲਾਲ) :— ਜ਼ਿਲ੍ਹਾ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਜਾਰੀ ਮੁਹਿੰਮ ਨਿਵੇਕਲੀ ਪਹਿਲ ਦੀ ਤਰ੍ਹਾਂ ਪਾਸੇ ਪ੍ਰਸ਼ੰਸਾ ਹੋ ਰਹੀ ਹੈ। ਇਸ ਮੁਹਿੰਮ ਤਹਿਤ ਔਰਤਾਂ ਅਤੇ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾ ਕੇ ਸਮਾਜ ਨੂੰ ਨਸ਼ਿਆਂ ਤੋਂ ਬਚਾਉਣ ਲਈ ਅੱਗੇ ਆਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ, ਜਿਨ੍ਹਾਂ ਨੂੰ ਆਪਣੇ ਘਰ ਤੋਂ ਸ਼ੁਰੂਆਤ ਕਰਦੇ ਹੋਏ ਪੂਰੇ ਸਮਾਜ ਵਿਚੋਂ ਨਸ਼ਿਆਂ ਦਾ ਕੋਹੜ ਕੱਢਣ ਲਈ ਲਾਮਬੰਦ ਕੀਤਾ ਜਾ ਰਿਹਾ ਹੈ। ਇਸ ਮੁਹਿੰਮ ਦੀ ਸ਼ੁਰੂਆਤ ਮਿਤੀ 26 ਜੂਨ 2024 ਨਸ਼ਿਆਂ ਦੀ ਦੁਰਵਰਤੋਂ ਅਤੇ ਤਸਕਰੀ ਵਿਰੁੱਧ ਅੰਤਰਰਾਸ਼ਟਰੀ ਦਿਵਸ ਨੂੰ ਸ੍ਰੀਮਤੀ ਸੋਮਿਆ ਮਿਸ਼ਰਾ, ਆਈ.ਪੀ.ਸੀ ਵੱਲੋਂ ਨਿੱਜੀ ਤੌਰ ਤੇ ਮਿਤੀ 26 ਜੂਨ ਤੋਂ 30 ਜੂਨ ਤੱਕ 20 ਪ੍ਰੋਗਰਾਮ ਕੀਤੇ ਗਏ ਹਨ। ਇਸ ਸਿਲਸਿਲੇ ਲਗਾਤਾਰ ਜਾਰੀ ਹਨ, ਜਿਵੇਂ 24 ਜੂਨ ਨੂੰ ਗਵਾਲ ਟੋਲੀ ਫ਼ਿਰੋਜ਼ਪੁਰ ਕੈਂਟ, 25 ਜੂਨ ਨੂੰ ਥਾਣਾ ਆਰਿਫਕੇ, 26 ਜੂਨ ਨੂੰ ਪਿੰਡ ਬਾਰੇ ਕੇ ਦਾਣਾ ਮੰਡੀ ਫ਼ਿਰੋਜ਼ਪੁਰ ਸ਼ਹਿਰ, ਘੁਮਿਆਰ ਮੰਡੀ ਫ਼ਿਰੋਜ਼ਪੁਰ ਕੈਂਟ, 27 ਜੂਨ ਨੂੰ ਫ਼ਿਰੋਜ਼ਸ਼ਾਹ, 28 ਜੂਨ ਪਿੰਡ ਕੁਤਬਗੜ੍ਹ ਗੱਟਾ, 29 ਜੂਨ ਪਿੰਡ ਬਹਾਦਰ ਕੇ ਅਤੇ ਸ਼ੇਰਾਂ ਵਾਲਾ ਚੌਂਕ ਜ਼ੀਰਾ, ਟਰੱਕ ਯੂਨੀਅਨ ਜ਼ੀਰਾ, ਬਜਰੰਗ ਭਵਨ ਜ਼ੀਰਾ ਅਤੇ 30 ਜੂਨ ਨੂੰ ਗਵਾਲ ਟੋਲੀ ਫ਼ਿਰੋਜ਼ਪੁਰ ਕੈਂਟ, ਖਟੀਕ ਮੰਡੀ ਫ਼ਿਰੋਜ਼ਪੁਰ ਕੈਂਟ ਕੈਂਪ ਲਗਾਏ ਗਏ।

ਇਸ ਤੋਂ ਇਲਾਵਾ ਸੋਮੀਆ ਮਿਸ਼ਰਾ ਆਈ.ਪੀ.ਐਸ ਵੱਲੋਂ ਹੋਰ ਉਪਰਾਲੇ ਜਿਵੇਂ 25 ਜੂਨ ਨੂੰ ਡੀ.ਐਸ.ਪੀ ਜ਼ੀਰਾ ਵੱਲੋਂ ਥਾਣਾ ਸਦਰ ਜ਼ੀਰਾ ਦੇ ਏਰੀਆ ਅੰਦਰ ਕਰਿਆਨੇ ਦੀਆਂ ਦੁਕਾਨਾਂ ਚਲਾਉਣ ਵਾਲਿਆਂ ਅਤੇ ਪੇਂਡੂ ਡਾਕਟਰਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਕਾਨੂੰਨ ਅਨੁਸਾਰ ਕੰਮ ਕਰਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੀਆਂ ਸਖਤ ਹਦਾਇਤਾਂ ਕੀਤੀਆਂ ਗਈਆਂ ਅਤੇ 26 ਜੂਨ 2024 ਨੂੰ ਡੀ.ਐਸ.ਪੀ ਜ਼ੀਰਾ ਵੱਲੋਂ ਕਸਬਾ ਜ਼ੀਰਾ ਅੰਦਰ ਰੇੜੀਆਂ, ਫੜੀਆਂ ਲਗਾਉਣ ਵਾਲਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਜਾਣੂ ਕਰਵਾਇਆ ਗਿਆ।

ਇਸ ਤਰ੍ਹਾਂ 27 ਜੂਨ ਨੂੰ ਡੀ.ਐਸ.ਪੀ ਜ਼ੀਰਾ ਵੱਲੋਂ ਥਾਣਾ ਮੱਲਾਂਵਾਲਾ ਦੇ ਏਰੀਆ ਅੰਦਰ ਮੈਡੀਕਲ ਦੀਆਂ ਦੁਕਾਨਾਂ ਚਲਾਉਣ ਵਾਲਿਆਂ ਨੂੰ ਕਾਨੂੰਨ ਵਿਚ ਰਹਿ ਕੇ ਨਸ਼ੇ ਦੀਆਂ ਗੋਲੀਆਂ ਨਾ ਵੇਚੀਆਂ ਜਾਣ। ਇਸੇ ਤਰ੍ਹਾਂ ਵੱਖ—ਵੱਖ ਪਿੰਡਾਂ ਵਿਚ ਕੈਂਪ ਲਾਏ ਜਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕਿਸੇ ਸੰਸਥਾ ਨਾਲ ਮਿਲ ਬੈਠਣ 'ਤੇ ਇਤਰਾਜ਼ ਕਰਨ ਵਾਲੇ ਖਾਸ ਕਰਕੇ ਫੇਸਬੁਕੀ ਵਿਦਵਾਨਾਂ ਨੂੰ ਸਲਾਹ ਹੈ ਕਿ ਤੱਤੇ ਤਾਅ

# ਆਰ ਐਸ ਐਸ ਜਾਂ ਗੱਦਾਰੀ ਦਾ ਠੱਪਾ ਲਾਉਣ ਤੋਂ ਗੁਰੇਜ਼ ਕਰਿਆ ਕਰੋ : ਭਾਈ ਭਿਓਰਾ

**ਭਾਈ ਭਿਓਰੇ** ਨੇ ਕਿਹਾ ਕਿ ਕੁੱਝ ਦਿਨਾਂ ਤੋਂ ਉਦਾਸੀਨ ਸੰਸਥਾਂ ਦੇ ਬਾਬਾ ਗੁਰਿੰਦਰ ਸਿੰਘ ਮੰਡੀ ਵਾਲਿਆਂ ਦੀ ਇਕ ਫੋਟੋ ਵਾਇਰਲ ਹੋ ਰਹੀ ਹੈ।ਜਿਸ ਵਿੱਚ ਓਹੋ ਆਰ ਐਸ ਐਸ ਵਾਲਿਆਂ ਦੀ ਸਟੇਜ ਤੇ ਬੈਠੇ ਹੋਏ ਸੀ। ਅਸੀਂ ਵੇਖਿਆ ਹੈ ਫੇਸਬੁੱਕ ਤੇ ਉਸ ਫੋਟੋ ਨੂੰ ਲੈ ਕੇ ਕਈ ਫੇਸਬੁਕੀ ਵਿਦਵਾਨਾਂ ਨੇ ਆਪਣੇ - ਆਪਣੇ ਤੌਰ ਤੇ ਮੰਦੀ ਸ਼ਬਦਾਵਲੀ ਦੀ ਵਰਤੋਂ ਕਰਕੇ ਫੇਸਬੁੱਕ ਨੂੰ ਗੰਧਲਾ ਕੀਤਾ ਹੋਇਆ ਹੈ। ਸਾਨੂੰ ਸੰਭਲਣਾ ਸਮਝਣਾ ਚਾਹੀਦਾ ਹੈ ਕਿ ਫੇਸਬੁੱਕ ਤੇ ਸਾਡੀਆਂ ਧੀਆਂ ਭੈਣਾਂ ਵੀ ਹੁੰਦੀਆਂ ਹਨ। ਸਭ ਤੋਂ ਵੱਡੀ ਗੱਲ ਕਿ ਜਿਹੜੇ ਵੀ ਫੇਸਬੁੱਕੀ ਵਿਦਵਾਨ ਸੱਜਣ ਮੰਦੀ ਭਾਸ਼ਾ ਪਰੋਸਦੇ ਹਨ ਓਹਨਾਂ ਚੋਂ ਬਹੁਤਾਤ ਨੇ ਆਪਣੀ ਪ੍ਰੋਫ਼ਾਈਲ ਤੇ ਸੰਤ ਭਿੰਡਰਾਂਵਾਲਿਆਂ ਦੀ ਜਾ ਗੁਰੂ ਸਾਹਿਬਾਨ ਦੀਆਂ ਫੋਟੋਆਂ ਲਗਾਈਆਂ ਹੁੰਦੀਆਂ ਹਨ।





ਭਾਈ ਭਿਓਰੇ ਨੇ ਕਿਹਾ ਕਿ ਅਸੀਂ ਬਹਿਸ ਦਾ ਵਿਸ਼ਾ ਨਹੀਂ ਛੇੜਨਾ ਚਾਹੁੰਦੇ ਬਸ ਉਦਾਹਰਣ ਦੇ ਤੌਰ ਤੇ ਕੁੱਝ ਗੱਲਾਂ ਕਰ ਰਹੇ ਹਾਂ। ਜੀਵੇਂ ਗੁਰੂ ਨਾਨਕ ਦੇਵ ਸਾਹਿਬ ਜੀ ਨੇ ਸਿੱਧਾਂ ਨਾਲ ਗੋਸ਼ਟੀ ਕੀਤੀ ਸੀ। ਜੇ ਉਸ ਵਕ.ਤ ਕਿਤੇ ਫੇਸਬੁੱਕ ਹੁੰਦੀ ਤਾਂ ਫੇਸਬੁਕੀ ਵਿਦਵਾਨਾਂ ਨੇ ਆਪਣੀ ਸੋੜੀ ਮਾਨਸਿਕਤਾ ਦਾ ਪ੍ਰਗਟਾਵਾ ਕਰਦਿਆਂ ਗੁਰੂ ਸਾਹਿਬ ਜੀ ਤੇ ਵੀ ਉਂਗਲ ਚੁਕਦਿਆਂ ਆਪਣੀਆਂ ਮੱਤਾਂ ਦੇਣੀਆਂ ਸ਼ੁਰੂ ਕਰ ਦੇਣੀਆਂ ਸੀ। ਜਹਾਂਗੀਰ ਨੇ ਪੰਜਵੇਂ ਪਾਤਸ਼ਾਹ ਜੀ ਨੂੰ ਸ਼ਹੀਦ ਕਰਵਾਇਆ। ਛੇਵੇਂ ਪਾਤਸ਼ਾਹ ਜੀ ਨੂੰ ਗਵਾਲੀਅਰ ਦੇ ਕਿਲ੍ਹੇ ਵਿੱਚ ਕੈਦ ਕੀਤਾ।ਪਰ ਜਦੋਂ ਗੁਰੂ ਸਾਹਿਬ ਜੀ 52 ਰਾਜਿਆਂ ਨੂੰ ਆਜ਼ਾਦ ਕਰਵਾ ਕੇ ਆਪਣੇ ਨਾਲ ਲੈ ਕੇ ਕਿਲ੍ਹੇ ਤੋਂ ਬਾਹਰ ਨਿਕਲੇ ਤਾਂ ਕੁੱਝ ਚਿਰਾਂ ਮਗਰੋਂ ਗੁਰੂ ਸਾਹਿਬ ਜੀ ਜਹਾਂਗੀਰ ਨਾਲ ਕਾਫੀ ਸਮਾਂ ਵਿਚਰਦੇ ਵੀ ਰਹੇ ਹਨ।ਸ਼ੁਕਰ ਹੈ ਉਸ ਵਕ.ਤ ਫੇਸਬੁੱਕ ਨਹੀਂ ਸੀ ਨਹੀਂ ਤਾਂ ਇਹਨਾਂ ਫੇਸਬੁਕੀਆਂ ਨੇ ਗੁਰੂ ਸਾਹਿਬ ਨੂੰ ਵੀ ਕਈ ਤਰ੍ਹਾਂ ਦੇ ਸਰਟੀਫਿਕੇਟ ਦੇ ਦੇਣੇ ਸੀ। ਉਦਾਹਰਣਾਂ ਤਾਂ ਬਹੁਤ ਹਨ ਪਰ ਇਕ ਹੋਰ ਦੇ ਦਿੰਦੇ ਹਾਂ।ਆਰ ਐਸ ਐਸ ਦਾ ਚੋਟੀ ਦਾ ਸੀਨੀਅਰ ਮੈਂਬਰ ਡਾ. ਸੁਬਰਾਮਨੀਅਮ ਸਵਾਮੀ ਹਰਿਮੰਦਰ ਸਾਹਿਬ ਆ ਕੇ ਕਈ ਵਾਰ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੂੰ ਮਿਲਦਾ ਰਿਹਾ ਹੈ। ਇਥੋਂ ਤੱਕ ਕਿ ਕਈ ਦਿਨ ਉਸ ਨੇ ਹਰਿਮੰਦਰ ਸਾਹਿਬ ਸੰਤਾਂ ਨਾਲ ਵੀ ਗੁਜ਼ਾਰੇ ਹਨ। ਅੱਜ ਵੀ ਡਾ. ਸੁਬਰਾਮਨੀਅਮ ਸਵਾਮੀ ਸੰਤਾਂ ਦੇ ਸੋਹਲੇ ਗਾਉਂਦਾ ਹੈ ਲੇਕਿਨ ਸੰਤ ਜੀ ਨੇ ਕਦੀ ਆਰ ਐਸ ਐਸ ਦੀ ਵਿਚਾਰਧਾਰਾ ਦੀ ਪ੍ਰੋੜਤਾ ਨਹੀਂ ਕੀਤੀ।ਮੇਰਾ ਇਕ ਦੋਸਤ ਸੀ ਸੰਜੀਵ ਸਬਰਵਾਲ ਜੋ ਆਰ ਐਸ ਐਸ ਦਾ ਮੈਂਬਰ ਸੀ ਕੁੱਝ ਚਿਰ ਪਹਿਲਾਂ ਉਸ ਦੀ ਮੌਤ ਹੋ ਗਈ ਸੀ। ਓਹੋ ਰੋਜ਼ ਗੁਰਦੁਆਰਾ ਸੀਸਗੰਜ ਸਾਹਿਬ ਦਿੱਲੀ ਅਤੇ ਡੇਰਾ ਬਾਬਾ ਕਰਮ ਸਿੰਘ ਰਸ਼ੀਦ ਮਾਰਕੀਟ ਦਿੱਲੀ ਵਿੱਖੇ ਨਤਮਸਤਕ ਹੁੰਦਾਂ ਸੀ। ਮੈਨੂੰ ਕਈ ਵਾਰ ਉਸ ਨੇ ਕਿਹਾ ਮੇਰੇ ਨਾਲ ਆਰ ਐਸ ਐਸ ਦੇ ਪ੍ਰੋਗਰਾਮ ਤੇ ਚੱਲੋ। ਮੈਂ ਦੋ ਤਿੰਨ ਵਾਰ ਉਸ ਨਾਲ ਗਿਆ ਸੀ। ਮੈਂ ਤੇ ਆਰ ਐਸੀ ਨਹੀਂ ਬਣਿਆ। ਹਾਂ ਅਸੀਂ ਦੋਵੇਂ ਗੁਰਮਤਿ ਦੀਆਂ ਵਿਚਾਰਾਂ ਜਰੂਰ ਕਰਦੇ ਸੀ। ਉਸ ਦੀ ਅੰਤਿਮ ਕ੍ਰਿਆ ਵੀ ਗੁਰੂ ਘਰ ਵਿੱਚ ਹੀ ਹੋਈ ਸੀ। ਖਾਸ ਗੱਲ ਇਹ ਕਿ ਓਹੋ (ਬੇਅੰਤ ਕਾਂਡ) ਦੇ ਭਾਈ ਜਗਤਾਰ ਸਿੰਘ ਤਾਰਾ ਦਾ ਰਿਸ਼ਤੇਦਾਰ ਵੀ ਸੀ। ਇਕ ਅਹਿਮ ਗੱਲ ਹੋਰ ਦਸਣੀ ਜ਼ਰੂਰੀ ਹੈ ਕਿ ਮੈਂ ਕਾਫ਼ੀ ਸਮਾਂ ਪਹਿਲਾਂ ਤਕਰੀਬਨ 2012-13 ਵਿੱਚ ਅਖਬਾਰ ਵਿੱਚ ਬਿਆਨ ਦਿੱਤਾ ਸੀ ਕਿ ਮੈਂ ਸਿਰਸੇ ਆਲੇ ਸਾਧ ਦੇ ਡੇਰੇ ਜਾਵਾਂਗਾ। ਮੈਂ ਉਸ ਨੂੰ ਮਿਲ ਕੇ ਸ਼ਹੀਦ ਭਾਈ ਗੁਰਜੰਟ ਸਿੰਘ ਰਾਜਸਥਾਨੀ ਦੀ ਸੋਚ ਬਾਰੇ ਗੱਲ ਕਰਨੀ ਸੀ ਕਿਉਂਕਿ ਭਾਈ ਰਾਜਸਥਾਨੀ ਨੇ ਸਿੱਖੀ ਕਾਰਜਾਂ ਨੂੰ ਨੇਪਰੇ ਚਾੜ੍ਹਨ ਕਰਕੇ ਇਸ ਨੂੰ ਡੇਰੇ ਦੀ ਗੱਦੀ ਦਿਵਾਉਂਣ ਚ ਮਦਦ ਕੀਤੀ ਸੀ। ਮੈਂ ਉਸ ਦੇ ਡੇਰੇ ਇਕ ਰਾਤ ਰੁਕਿਆ ਵੀ ਸੀ ਲੇਕਿਨ ਓਹੋ ਗੰਗਾ ਨਗਰ ਗਿਆ ਹੋਇਆ ਸੀ। ਜਦੋਂ ਮੈਂ ਉਸ ਕੋਲ ਅਪਣਾ ਪਰਿਚਯ ਭੇਜਿਆ ਕਿ ਮੈਂ ਉਸ ਨੂੰ ਮਿਲਣਾ ਚਾਹੁੰਦਾ ਹਾਂ ਤੇ ਉਸ ਨੇ ਆਪਣਾ ਪ੍ਰੋਗਰਾਮ ਤਿੰਨ ਦਿਨ ਹੋਰ ਵਧਾ ਲਿਆ। ਦਰਅਸਲ ਗੱਲ ਇਹ ਹੈ ਕਿ ਇਸ ਦੁਨਿਆਂ ਚ ਵਿਚਰਦਿਆਂ ਸਾਨੂੰ ਕਈ ਤਰ੍ਹਾਂ ਦੇ ਲੋਕਾਂ ਨਾਲ ਉਠਣਾਂ ਬੈਠਣਾਂ ਪੈਂਦਾ ਹੈ।

ਭਾਈ ਭਿਓਰੇ ਨੇ ਕਿਹਾ ਕਿ ਉਦਾਸੀਨ ਸੰਸਥਾਂ ਦੇ ਬਾਬਾ ਗੁਰਿੰਦਰ ਸਿੰਘ ਮੰਡੀ ਵਾਲਿਆਂ ਦਾ ਅਪਣਾ ਡੇਰਾ ਹੈ ਓਥੇ ਹਰ ਵਰਗ ਦੇ ਲੋਕ ਆਉਂਦੇ ਹਨ ਜੇ ਓਹੋ ਆਰ ਐਸ ਐਸ ਦੇ ਕਿਸੇ ਪ੍ਰੋਗਰਾਮ ਚ ਚਲੇ ਗਏ ਤਾਂ ਸਾਢੇ ਫੇਸਬੁਕੀ ਵਿਦਵਾਨਾਂ ਨੇ ਫਟ ਗੱਦਾਰੀ ਦੇ ਸਰਟੀਫਿਕੇਟ ਜਾਰੀ ਕਰ ਦਿੱਤੇ। 90% ਫੇਸਬੁਕੀ ਵਿਦਵਾਨਾਂ ਦਾ ਆਪਣਾ ਕੋਈ ਜੀਵਨ ਨਹੀਂ ਹੈ। ਬਸ ਫੇਸਬੁੱਕ ਤੇ ਕਮਲ ਘੋਟਣਾ ਹੁੰਦਾ ਹੈ।ਅਸੀਂ ਅਪਣਾ ਜੀਵਨ ਸਿੱਖ ਸੰਘਰਸ਼ ਵਿੱਚ ਗੁਜ਼ਾਰਿਆ ਹੈ।16-17 ਸਾਲ ਜੇਲ੍ਹ ਦੀਆਂ ਕਾਲ ਕੋਠੜੀਆਂ ਵਿੱਚ ਗੁਜ਼ਾਰੇ ਹਨ। ਪਰ ਸਾਡੀ ਕੌਮ ਦਾ ਅਸੀਂ ਇਕ ਨਿਯਮ ਵੇਖਿਆ ਹੈ ਇੱਥੇ ਜਿਉਂਦੇ ਨੂੰ ਗ.ਦਾਰ ਤੇ ਮਰੇ ਨੂੰ ਸ਼ਹੀਦ ਐਲਾਨਿਆ ਜਾਂਦਾ ਹੈ।ਦੀਪ ਸਿੱਧੂ ਦੀ ਉਦਾਹਰਣ ਸਾਹਮਣੇ ਹੈ ਪਹਿਲਾਂ ਉਸ ਦੇ ਖਿਲਾਫ ਬੋਲਦੇ ਰਹੇ ਓਹੋ ਵਿਚਾਰਾਂ ਭਗੋੜਾ ਹੋ ਕੇ ਵੀਡੀਓ ਪਾ ਕੇ ਰੌਂਦਾਂ ਰਿਹਾ ਹੈ ਪਰ ਜਦੋਂ ਮਰਿਆ ਉਸ ਨੂੰ ਸ਼ਹੀਦ ਦਾ ਦਰਜ਼ਾ ਦੇ ਕੇ ਉਸ ਦੇ ਸਿਵਿਆਂ ਦੀ ਮਿੱਟੀ ਵੀ ਲੋਕ ਘਰ ਲੈ ਗਏ। ਇਹਨਾਂ ਤੇ ਜੁਝਾਰੂ ਜੋਧੇ ਸੰਤ ਭਿੰਡਰਾਂਵਾਲਿਆਂ ਦੇ ਅਤਿ ਨਜ਼ਦੀਕੀ ਸ਼ਹੀਦ ਬਾਬਾ ਗੁਰਬਚਨ ਸਿੰਘ ਮਾਨੋਚਾਹਲ ਨੂੰ ਵੀ ਕਾਂਗਰਸੀ ਏਜੰਟ ਕਹਿ ਕੇ ਭੰਡਿਆ ਸੀ। ਅਸੀਂ ਬਾਬਾ ਗੁਰਿੰਦਰ ਸਿੰਘ ਮੰਡੀ ਵਾਲਿਆਂ ਵਲੋਂ ਸਿੱਖੀ ਲਈ ਕੀਤੇ ਪ੍ਰਚਾਰ ਦੀ ਸ਼ਲਾਘਾ ਕਰਦੇ ਹਾਂ ਅਤੇ ਆਪੂ ਬਣੇ ਵਿਦਵਾਨਾਂ ਨੂੰ ਬੇਨਤੀ ਕਰਦੇ ਹਾਂ ਕਿ ਤੱਤੇ ਤਾਅ ਫ਼ੈਸਲਾ ਨ ਕਰਿਆ ਕਰੋ। ਕਿਸੇ ਦੇ ਚੰਗੇ ਕੰਮਾਂ ਨੂੰ ਖੂਹ ਖਾਤੇ ਚ ਨ ਪਾ ਦਿਆ ਕਰੋ। ਸੋਚ ਸਮਝ ਕੇ ਠੰਡੇ ਸੁਭਾਅ ਨਿਰਣੈ ਲਿਆ ਕਰੋ ਕਰਤਾਰ ਭਲੀ ਕਰੇਗਾ।

**ਵਿਚਾਰ ਆਪੋ-ਆਪਣਾ**

**-ਅਵਤਾਰ ਸਿੰਘ ਭਿਓਰਾ, ਮੋ.ਨੰ.7065379792**

### ਹਰਨੇਕ ਸਿੰਘ ਮਹਿਮਾ ਨੂੰ ਮਿਲੀ ਜੇਲ੍ਹ ਤੋਂ ਰਿਹਾਈ : ਆਕਾਸ਼ ਗੂੰਜਾਊ ਨਾਹਰਿਆਂ ਨਾਲ ਥਾਂ-ਥਾਂ ਕੀਤਾ ਗਿਆ ਸਵਾਗਤ

# ਲੋਕ ਆਗੂਆਂ ਨੂੰ ਜੇਲ੍ਹੀਂ ਬੰਦ ਕਰਕੇ ਹੱਕੀ ਆਵਾਜ਼ ਬੰਦ ਕਰਨ ਦੀ ਇਜਾਜ਼ਤ ਨਹੀਂ ਦਿਆਂਗੇ : ਮਨਜੀਤ ਧਨੇਰ

**ਫ਼ਿਰੋਜ਼ਪੁਰ, 3 ਜੁਲਾਈ (ਮਨੋਹਰ ਲਾਲ) :—** ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੂੰ ਅੱਜ 55 ਦਿਨ ਜੇਲ੍ਹ ਵਿੱਚ ਬੰਦ ਰਹਿਣ ਤੋਂ ਬਾਅਦ ਜ਼ਮਾਨਤ ਮਿਲ ਗਈ ਹੈ ਅਤੇ ਉਨ੍ਹਾਂ ਨੂੰ ਫਿਰੋਜ਼ਪੁਰ ਜੇਲ੍ਹ ਤੋਂ ਰਿਹਾਅ ਕਰ ਦਿੱਤਾ ਗਿਆ। ਪਾਰਟੀ ਆਗੂ ਦੇ ਸਵਾਗਤ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ, ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ, ਜਿਲਾ ਫ਼ਿਰੋਜ਼ਪੁਰ ਦੇ ਪ੍ਰਧਾਨ ਜਗੀਰ ਸਿੰਘ ਖਹਿਰਾ, ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ, ਜਨਰਲ ਸਕੱਤਰ ਗੁਲਜ਼ਾਰ ਸਿੰਘ ਕਬਰਵੱਛਾ ਤੋਂ ਇਲਾਵਾ ਸਮਸ਼ੇਰ ਸਿੰਘ ਸ਼ਿਹਜ਼ਾਦੀ, ਲਖਬੀਰ ਸਿੰਘ ਡੋਡ, ਬਗੀਚਾ ਸਿੰਘ ਅਤੇ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ ਦੇ ਆਗੂ ਵੀ ਹਾਜ਼ਰ ਸਨ। ਜੇਲ੍ਹ ਬਾਹਰ ਖੜ੍ਹੇ ਸਮਰਥਨਾਂ ਨੇ ਹਰਨੇਕ ਸਿੰਘ ਮਹਿਮਾ ਨੂੰ ਜੇਲ੍ਹ ਤੋਂ ਬਾਹਰ ਆਉਂਦਿਆਂ ਹੀ ਹਾਰਾਂ ਨਾਲ ਲੱਦ ਦਿੱਤਾ ਅਤੇ ਜਥੇਬੰਦੀ ਦਾ ਝੰਡਾ ਫੜਾ ਕੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਕਿਸਾਨ ਮਜ਼ਦੂਰ ਏਕਤਾ—ਜ਼ਿੰਦਾਬਾਦ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਿੰਦਾਬਾਦ, ਕੀ ਰੋਕਣਗੇ ਜੇਲ੍ਹਾਂ ਥਾਣੇ—ਲੋਕਾਂ ਦੇ ਹੜ੍ਹ ਵਧਦੇ ਜਾਣੇ ਦੇ ਨਾਅਰਿਆਂ ਨਾਲ ਆਕਾਸ਼ ਗੂੰਜ ਉੱਠਿਆ। ਇਸ ਉਪਰੰਤ ਸਾਰੇ ਆਗੂਆਂ ਅਤੇ ਸੈਂਕੜੇ ਕਿਸਾਨਾਂ ਮਜ਼ਦੂਰਾਂ ਦਾ ਵੱਡਾ ਕਾਫ਼ਲਾ ਉਨ੍ਹਾਂ ਦੇ ਪਿੰਡ ਮਹਿਮਾ ਵਿਖੇ ਘਰ ਤੱਕ ਛੱਡਣ ਗਿਆ। ਇਸ ਸਮੇਂ ਕਿਸਾਨਾਂ ਮਜ਼ਦੂਰਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਹਰਨੇਕ ਸਿੰਘ ਮਹਿਮਾ ਨੇ ਕਿਹਾ ਕਿ ਜੇਲ੍ਹਾਂ ਸਾਡੇ ਵਾਸਤੇ ਨਵੀਆਂ ਨਹੀਂ ਹਨ, ਲੋਕਾਂ ਲਈ ਲੜਨ ਵਾਲਿਆਂ ਨੂੰ ਜੇਲ੍ਹਾਂ ਵਿੱਚ ਜਾਣਾ ਹੀ ਪੈਂਦਾ ਹੈ ਅਤੇ ਲੋਕਾਂ ਵਾਸਤੇ ਜੇਲ੍ਹ ਜਾਣਾ ਕੋਈ ਬਦਨਾਮੀ ਨਹੀਂ ਸਗੋਂ ਮਾਣ ਵਾਲੀ ਗੱਲ ਹੁੰਦੀ ਹੈ। ਉਨ੍ਹਾਂ ਕਿਹਾ ਕਿ ਜਥੇਬੰਦੀ ਦੀ ਦਰੁਸਤ ਅਗਵਾਈ ਅਤੇ ਘੋਲ ਦੇ ਦਬਾਅ ਨੇ ਸਰਕਾਰ ਨੂੰ ਰਿਹਾਈ ਲਈ ਮਜ਼ਬੂਰ ਕੀਤਾ ਹੈ। ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਕਿਹਾ ਕਿ ਸਾਰੇ ਦੇਸ਼ ਵਿੱਚ ਹੱਕਾਂ ਲਈ ਬੋਲਣ ਵਾਲਿਆਂ ਤੇ ਜਬਰ ਦਾ ਝੱਖੜ ਤੇਜ਼ ਹੋ ਰਿਹਾ ਹੈ, ਤਿੰਨ ਨਵੇਂ ਫ਼ੌਜਦਾਰੀ ਕਾਨੂੰਨ ਲਿਆ ਕੇ ਲੋਕ ਆਗੂਆਂ ਤੇ ਝਪਟਣ ਲਈ ਮੈਦਾਨ ਤਿਆਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਪ੍ਰਸਿੱਧ ਲੇਖਿਕਾ ਅਤੇ ਚਿੰਤਕ ਅਰੁੰਧਤੀ ਰਾਏ ਅਤੇ ਪ੍ਰੋ ਸ਼ੇਖ ਸ਼ੌਕਤ ਹੁਸੈਨ ਦੇ ਖ਼ਿਲਾਫ਼ 14 ਸਾਲ ਪੁਰਾਣੇ ਕੇਸ ਵਿੱਚ ਕੇਸ ਚਲਾਉਣ ਦੀ ਮਨਜ਼ੂਰੀ ਦੇ ਕੇ ਅਤੇ ਨਰਮਦਾ ਬਚਾਓ ਅੰਦੋਲਨ ਦੀ ਆਗੂ ਮੇਧਾ ਪਾਟੇਕਰ ਨੂੰ 23 ਸਾਲ ਪੁਰਾਣੇ ਮਾਨਹਾਨੀ ਕੇਸ ਵਿੱਚ ਪੰਜ ਮਹੀਨੇ ਦੀ ਸਜ਼ਾ ਸੁਣਾ ਕੇ ਹਾਕਮ ਨਿੱਤ ਨਵੀਂ ਭਾਜੀ ਪਾ ਰਹੇ ਹਨ ਅਤੇ ਹਰਨੇਕ ਸਿੰਘ ਮਹਿਮਾ ਦੀ ਗ੍ਰਿਫ਼ਤਾਰੀ ਵੀ ਇਸੇ ਕੜੀ ਦਾ ਹਿੱਸਾ ਸੀ ਜਿਸ ਨੂੰ ਲੋਕ ਤਾਕਤ ਦੇ ਆਸਰੇ ਅਸਫ਼ਲ ਕਰ ਦਿੱਤਾ ਗਿਆ ਹੈ, ਇਸ ਲਈ ਇੱਕ ਵਾਰ ਫਿਰ ਇਹ ਸਿੱਧ ਹੋ ਗਿਆ ਹੈ ਕਿ ਲੋਕਾਂ ਦੀ ਇੱਕਜੁੱਟ ਤਾਕਤ ਅਤੇ ਦਰੁਸਤ ਅਗਵਾਈ ਤੋਂ ਵੱਡੀ ਹੋਰ ਕੋਈ ਤਾਕਤ ਨਹੀਂ ਹੈ। ਇਸ ਮੌਕੇ ਬੋਲਦਿਆਂ ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ ਨੇ ਕਿਹਾ ਕਿ 4 ਜੁਲਾਈ ਨੂੰ ਜਲੰਧਰ ਵਿਖੇ ਵਿਸ਼ਾਲ ਰੋਸ ਮਾਰਚ ਕਰਨ ਦਾ ਪ੍ਰੋਗਰਾਮ ਪਹਿਲਾਂ ਦੀ ਤਰ੍ਹਾਂ ਹੀ ਹੋਵੇਗਾ, ਕਿਉਂਕਿ ਮਾਨਸਾ ਜ਼ਿਲ੍ਹੇ ਦੇ ਪਿੰਡ ਕੁੱਲਰੀਆਂ ਦੇ ਕਿਸਾਨਾਂ ਦੇ ਜ਼ਮੀਨੀ ਹੱਕ ਬਹਾਲ ਕਰਾਉਣ ਅਤੇ ਕਿਸਾਨਾਂ ਤੇ ਹਮਲੇ ਕਰਨ ਵਾਲੇ ਗੁੰਡਿਆਂ ਨੂੰ ਗ੍ਰਿਫ਼ਤਾਰ ਕਰਕੇ ਸਜ਼ਾਵਾਂ ਦੇਣ ਲਈ ਜਥੇਬੰਦੀ 18 ਮਹੀਨੇ ਤੋਂ ਲੜ ਰਹੀ ਹੈ ਪ੍ਰੰਤੂ ਪੰਜਾਬ ਸਰਕਾਰ ਦੇ ਅੱਧੀ ਦਰਜਨ ਮੰਤਰੀਆਂ ਵੱਲੋਂ ਵਾਅਦੇ ਕਰਨ ਦੇ ਬਾਵਜੂਦ ਵੀ ਪਰਨਾਲਾ ਉੱਥੇ ਦਾ ਉੱਥੇ ਹੈ। ਉਨ੍ਹਾਂ ਕਿਹਾ ਕਿ 4 ਜੁਲਾਈ ਨੂੰ ਜਲੰਧਰ ਵਿੱਚ ਮਾਰਚ ਕਰਕੇ ਕੁੱਲਰੀਆਂ ਦੇ ਕਿਸਾਨਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ ਜਾਵੇਗੀ, ਜੇਕਰ ਫਿਰ ਵੀ ਮਸਲਾ ਹੱਲ ਨਾ ਹੋਇਆ ਤਾਂ ਆਉਣ ਵਾਲੇ ਸਮੇਂ ਵਿੱਚ ਜਥੇਬੰਦੀ ਹੋਰ ਤਿੱਖਾ ਸੰਘਰਸ਼ ਲੜੇਗੀ ਜਿਸਦੀ ਸਾਰੀ ਜ਼ਿੰਮੇਵਾਰੀ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਹੋਵੇਗੀ।



**ਇੱਕ ਵਾਰ ਫਿਰ ਲੋਕ ਤਾਕਤ ਦੀ ਉੱਚਤਾ ਹੋਈ ਸਿੱਧ—ਹਰਨੇਕ ਮਹਿਮਾ**

# ਡਾਕਟਰ ਸੁਰਿੰਦਰ ਸਿੰਘ ਕਪੂਰ ਰੋਟਰੀ ਜ਼ਿਲ੍ਹਾ 3090 ਦੇ ਸਹਾਇਕ ਗਵਰਨਰ ਨਿਯੁਕਤ




**ਫ਼ਿਰੋਜ਼ਪੁਰ, 3 ਜੁਲਾਈ (ਮਨੋਹਰ ਲਾਲ) :—** ਡਾਕਟਰ ਸੁਰਿੰਦਰ ਸਿੰਘ ਕਪੂਰ ਜੁਲਾਈ 2024 ਤੋਂ 2024—25 ਦੇ ਕਾਰਜਕਾਲ ਲਈ ਰੋਟਰੀ ਜ਼ਿਲ੍ਹਾ 3090 ਦੇ ਸਹਾਇਕ ਗਵਰਨਰ ਵਜੋਂ ਚਾਰਜ ਸੰਭਾਲਣ ਜਾ ਰਹੇ ਹਨ। ਡਾਕਟਰ ਕਪੂਰ ਨੇ ਇਸ ਤੋਂ ਪਹਿਲਾਂ 2022—23 ਦੇ ਕਾਰਜਕਾਲ ਦੌਰਾਨ ਰੋਟਰੀ ਕਲੱਬ ਫ਼ਿਰੋਜ਼ਪੁਰ ਦੇ ਪ੍ਰਧਾਨ ਵਜੋਂ ਸੇਵਾ ਨਿਭਾਈ, ਜਿੱਥੇ ਉਨ੍ਹਾਂ ਨੇ ਵੱਖ—ਵੱਖ ਸਮਾਜਿਕ ਸੇਵਾਵਾਂ ਰਾਹੀਂ ਸਮੁਦਾਇ ਵਿੱਚ ਸਰਗਰਮ ਯੋਗਦਾਨ ਦਿੱਤਾ। ਰੋਟਰੀ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੂੰ ਰੋਟਰੀ ਕਲੱਬ ਫ਼ਿਰੋਜ਼ਪੁਰ ਵਿੱਚ ਸਕੱਤਰ ਅਤੇ ਕੈਸ਼ਿਅਰ ਵਜੋਂ ਉਨ੍ਹਾਂ ਵਲੋਂ ਨਿਭਾਈਆਂ ਭੂਮਿਕਾਵਾਂ ਰਾਹੀਂ ਉਜਾਗਰ ਕੀਤਾ ਗਿਆ ਹੈ। ਡਾਕਟਰ ਕਪੂਰ ਦਾ ਵਿਸ਼ਾਲ ਤਜਰਬਾ ਅਤੇ ਸੇਵਾ ਪ੍ਰਤੀ ਸਮਰਪਣ ਨਿਸ਼ਚਤ ਤੌਰ ਤੇ ਉਨ੍ਹਾਂ ਦੇ ਨਵੇਂ ਅਹੁਦੇ ਵਿੱਚ ਇਕ ਗਤੀਸ਼ੀਲ ਦ੍ਰਿਸ਼ਟੀਕੋਣ ਲਿਆਵੇਗਾ, ਜੋ ਜ਼ਿਲ੍ਹੇ ਵਿੱਚ ਸਕਾਰਾਤਮਕ ਬਦਲਾਅ ਲਿਆਵੇਗਾ।

# ਪੁਸਤਕ "ਸਮੇਂ ਦੇ ਨਕਸ਼" ਦਾ ਲੋਕ ਅਰਪਿਤ ਸਮਾਗਮ 7 ਜੁਲਾਈ ਨੂੰ




**ਚੌਕ ਮਹਿਤਾ,3 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਵੱਲੋਂ ਸੰਪਾਦਿਤ 12ਵਾਂ ਸਾਂਝਾ ਕਾਵਿ ਸੰਗ੍ਰਹਿ "ਸਮੇਂ ਦੇ ਨਕਸ਼" ਦਾ ਲੋਕ ਅਰਪਿਤ ਸਮਾਗਮ ਮਿਤੀ 7 ਜੁਲਾਈ, ਦਿਨ ਐਤਵਾਰ ਨੂੰ ਮੀਟਿੰਗ ਹਾਲ, ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਸਵੇਰੇ 10 ਵਜੇ ਕਰਵਾਇਆ ਜਾ ਰਿਹਾ ਹੈ । ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ ਅਤੇ ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਦੀ ਜਾਣਕਾਰੀ ਅਨੁਸਾਰ ਇਸ ਮੌਕੇ ਵਿਸ਼ੇਸ਼ ਮਹਿਮਾਨ ਡਾ: ਲਖਵਿੰਦਰ ਜੌਹਲ (ਪ੍ਰਧਾਨ ਪੰਜਾਬੀ ਰਾਈਟਰਜ਼ ਕੋਆਪ੍ਰੇਟਿਵ ਸੁਸਾਇਟੀ ਲਿਮਟਿਡ), ਮੁੱਖ ਮਹਿਮਾਨ ਸ: ਹਰਜਿੰਦਰ ਸਿੰਘ ਅਟਵਾਲ (ਸੀਨੀਅਰ ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਹੋਣਗੇ, ਜਦਿਕ ਪ੍ਰਧਾਨਗੀ ਮੰਡਲ ਵਿੱਚ ਪ੍ਰਿੰ: ਹਰਬੰਸ ਸਿੰਘ ਘੇਈ (ਐਡੀਸ਼ਨਲ ਐਕਸਾਈਜ਼ ਐਂਡ ਟੈਕਸੇਸ਼ਨ ਕਮਿਸ਼ਨਰ ਪੰਜਾਬ (ਰਿਟਾ:), ਸ: ਸੁਰਿੰਦਰ ਸਿੰਘ ਸੁੰਨੜ (ਪ੍ਰਧਾਨ ਲੋਕ ਮੰਚ ਪੰਜਾਬ), ਦੀਪ ਦਵਿੰਦਰ ਸਿੰਘ ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ ਅਤੇ ਪ੍ਰਿੰਸੀਪਲ ਮੰਗਲ ਸਿੰਘ ਕਿਸ਼ਨਪੁਰਾ ਆਦਿ ਸ਼ੁਸ਼ੋਭਿਤ ਹੋਣਗੇ । ਕਵੀ ਦਰਬਾਰ ਹੋਵੇਗਾ ਅਤੇ ਪੁਸਤਕ ਵਿੱਚ ਸ਼ਾਮਿਲ ਸਾਰੇ ਲੇਖਕਾਂ ਨੂੰ ਸਨਮਾਨਿਤ ਕੀਤਾ ਜਾਵੇਗਾ । ਜਿਕਰਯੋਗ ਹੈ ਕਿ ਇਸ ਸਾਂਝੇ ਕਾਵਿ ਸੰਗ੍ਰਹਿ ਵਿੱਚ ਪੰਜਾਬੀ ਜ਼ੁਬਾਨ ਦੇ ਨਾਮਵਰ ਸ਼ਾਇਰ ਪ੍ਰੋ: ਗੁਰਭਜਨ ਗਿੱਲ, ਦਰਸ਼ਨ ਬੁੱਟਰ, ਡਾ: ਲਖਵਿੰਦਰ ਜੌਹਲ, ਸੁਸ਼ੀਲ ਦੁਸਾਂਝ, ਪ੍ਰੋ: ਕੁਲਵੰਤ ਔਜਲਾ, ਹਰਬੰਸ ਸਿੰਘ ਘੇਈ, ਸ਼ੇਲਿੰਦਰਜੀਤ ਸਿੰਘ ਰਾਜਨ, ਪ੍ਰਿੰ: ਰਘਬੀਰ ਸਿੰਘ ਸੋਹਲ, ਸੰਤੋਖ ਸਿੰਘ ਗੁਰਾਇਆ, ਡਾ: ਲੇਖ ਰਾਜ, ਗੁਰਮੀਤ ਸਿੰਘ ਬਾਜਵਾ, ਮੱਖਣ ਸਿੰਘ ਭੈਣੀਵਾਲਾ, ਮਨਜੀਤ ਸਿੰਘ ਵੱਸੀ, ਸਰਬਜੀਤ ਸਿੰਘ ਪੱਡਾ, ਜਗਨ ਨਾਥ ਨਿਮਾਣਾ, ਧਰਮ ਸਿੰਘ ਧਿਆਨਪੁਰ, ਗੁਲਸ਼ਨ ਮਿਰਜਾਪੁਰੀ, ਦਿਲਰਾਜ ਸਿੰਘ ਦਰਦੀ, ਸ਼ੰਕਰ ਸਿੰਘ ਪ੍ਰਵਾਨਾ, ਸੁਖਬੀਰ ਸਿੰਘ ਖੁਰਮਣੀਆਂ, ਹਰਮੇਲ ਸਿੰਘ ਬੁਜਰਕੀਆਂ, ਰਣਜੀਤ ਅਜ਼ਾਦ ਕਾਂਝਲਾ, ਜਸਵਿੰਦਰ ਸਿੰਘ ਢਿੱਲੋਂ, ਬਲਬੀਰ ਸਿੰਘ ਬੇਲੀ, ਹਰਮਨਪ੍ਰੀਤ ਸਿੰਘ ਮਾਨ, ਮਾ: ਕ੍ਰਿਪਾਲ ਸਿੰਘ ਵੇਰਕਾ, ਜਸਵੰਤ ਧਾਪ, ਵਿਜੇਤਾ ਰਾਜ, ਸੁਖਵੰਤ ਕੌਰ ਵੱਸੀ, ਹਰਮੇਸ਼ ਕੌਰ ਯੋਧੇ, ਰਾਜਵਿੰਦਰ ਕੌਰ ਰਾਜ, ਮਨਦੀਪ ਕੌਰ ਰਤਨ, ਜਤਿੰਦਰਪਾਲ ਕੌਰ ਭਿੰਡਰ, ਅਮਨ ਢਿੱਲੋਂ ਕਸੇਲ, ਸਵਰਨ ਕਵਿਤਾ, ਸਤਿੰਦਰਜੀਤ ਕੌਰ ਅੰਮ੍ਰਿਤਸਰ, ਡਾ: ਨਿਰਮ ਜੋਸਨ, ਰਾਜਬੀਰ ਕੌਰ ਗਰੇਵਾਲ, ਦਰਸ਼ਨ ਨੰਦਰਾ, ਸੁਖਦੇਵ ਸਿੰਘ ਗੰਡਵਾਂ, ਬਲਬੀਰ ਸਿੰਘ ਬੀਰ, ਰਾਜਦਵਿੰਦਰ ਸਿੰਘ ਵੜੈਚ, ਸਕੱਤਰ ਸਿੰਘ ਪੁਰੇਵਾਲ, ਅਜੀਤ ਸਿੰਘ ਸਠਿਆਲਵੀ, ਸ਼ਿੰਗਾਰਾ ਸਿੰਘ ਸਠਿਆਲਾ ਆਦਿ 45 ਕਵੀਆਂ ਦੀਆਂ ਕਾਵਿ-ਰਚਾਨਵਾਂ ਸ਼ਾਮਿਲ ਹਨ।

## ਬਰਤਾਨਵੀ ਚੋਣਾਂ- 2024

# ਸੰਸਦ 'ਚ ਸਿੱਖ ਸੰਸਦ ਮੈਂਬਰਾਂ ਦੀ ਗਿਣਤੀ ਵਧਣ ਦੀ ਸੰਭਾਵਨਾ

**ਬਰਤਾਨੀਆ** ਨੂੰ ਲੋਕਤੰਤਰ ਦੀ ਮਾਂ ਕਿਹਾ ਜਾਂਦਾ ਹੈ। ਸੰਨ 1707 'ਚ ਇੰਗਲੈਂਡ ਅਤੇ ਸਕਾਟਲੈਂਡ ਦੇ ਆਪਸ ਵਿਚ ਮਿਲ ਜਾਣ ਤੋਂ ਬਾਅਦ ਪਹਿਲੀ ਵਾਰ ਬਰਤਾਨਵੀ ਸੰਸਦ ਦੀ ਸਥਾਪਨਾ ਕੀਤੀ ਗਈ ਸੀ। ਬਰਤਾਨੀਆ 'ਚ ਸੰਸਦੀ ਚੋਣਾਂ ਸਭ ਤੋਂ ਪਹਿਲਾਂ 1801 'ਚ ਲੋਕਾਂ ਨੂੰ ਚੋਣ ਅਧਿਕਾਰ ਦੇਣ ਤੋਂ ਬਾਅਦ 1802 ਈਸਵੀ ਨੂੰ ਹੋਈਆਂ ਸਨ। ਉਸ ਸਮੇਂ ਆਇਰਲੈਂਡ ਵੀ ਬ੍ਰਿਟਿਸ਼ ਰਾਜ ਦਾ ਹਿੱਸਾ ਬਣ ਚੁੱਕਾ ਸੀ। ਜਦਕਿ ਪਾਰਲੀਮੈਂਟ ਆਫ਼ ਇੰਗਲੈਂਡ ਦਾ ਇਤਿਹਾਸ ਇਸ ਤੋਂ ਵੀ ਪੁਰਾਣਾ ਹੈ।



ਵੱਖ-ਵੱਖ ਪਾਰਟੀਆਂ ਦੇ ਪੰਜਾਬ ਨਾਲ ਸੰਬੰਧਿਤ ਉਮੀਦਵਾਰ।

## ਮੌਜੂਦਾ ਚੋਣਾਂ

ਮੌਜੂਦਾ ਸਮੇਂ ਦੀ ਗੱਲ ਕਰੀਏ ਤਾਂ ਬਰਤਾਨੀਆ ਦੀਆਂ ਆਮ ਚੋਣਾਂ 4 ਜੁਲਾਈ ਨੂੰ ਹੋ ਰਹੀਆਂ ਹਨ, ਇਨ੍ਹਾਂ ਚੋਣਾਂ 'ਚ ਬਹੁਤ ਕੁਝ ਖ਼ਾਸ ਹੈ। ਕਈ ਤਰ੍ਹਾਂ ਦੇ ਇਤਿਹਾਸ ਬਣ ਰਹੇ ਹਨ। ਸਭ ਤੋਂ ਖ਼ਾਸ ਗੱਲ ਇਹ ਹੈ ਕਿ ਇਸ ਵਾਰ ਇੰਗਲੈਂਡ, ਵੇਲਜ਼, ਸਕਾਟਲੈਂਡ ਅਤੇ ਉੱਤਰੀ ਆਇਰਲੈਂਡ ਦੀਆਂ 650 ਸੀਟਾਂ ਲਈ 98 ਰਾਜਨੀਤਕ ਪਾਰਟੀਆਂ ਮੈਦਾਨ 'ਚ ਹਨ, ਜਿਨ੍ਹਾਂ ਦੇ ਉਮੀਦਵਾਰਾਂ ਸਮੇਤ ਕੁੱਲ 4500 ਤੋਂ ਵੱਧ ਉਮੀਦਵਾਰ ਮੈਦਾਨ 'ਚ ਹਨ, ਜੋ 2019 ਦੀਆਂ ਆਮ ਚੋਣਾਂ ਨਾਲੋਂ 35.7 ਫ਼ੀਸਦੀ ਵੱਧ ਹਨ, ਜਦੋਂ ਕਿ ਇਸ ਤੋਂ ਪਹਿਲਾਂ 2010 'ਚ ਬਰਤਾਨਵੀ ਚੋਣ ਇਤਿਹਾਸ 'ਚ ਸਭ ਤੋਂ ਵੱਧ ਉਮੀਦਵਾਰਾਂ ਦੀ ਗਿਣਤੀ 4150 ਸੀ। ਸੱਤਾਧਾਰੀ ਕੰਜ਼ਰਵੇਟਿਵ ਪਾਰਟੀ ਵਲੋਂ 635, ਲੇਬਰ ਪਾਰਟੀ ਵਲੋਂ 631, ਲਿਬਰਲ ਡੈਮੋਕ੍ਰੇਟਿਕ ਪਾਰਟੀ 630, ਰੀਫਾਰਮ ਯੂ.ਕੇ. 609, ਗਰੀਨ ਪਾਰਟੀ 574, ਵਰਕਰਜ਼ ਪਾਰਟੀ 152, ਸੋਸ਼ਲ ਡੈਮੋਕ੍ਰੇਟਿਕ ਪਾਰਟੀ 122, ਸਕਾਟਿਸ਼ ਨੈਸ਼ਨਲ ਪਾਰਟੀ 57, ਪਲੇਡ ਸੀਮਰੋ 32, ਡੀ.ਯੂ.ਪੀ. 16, ਸਿਨ ਫਿਨ 14 ਆਦਿ ਤੋਂ ਇਲਾਵਾ 459 ਆਜ਼ਾਦ ਉਮੀਦਵਾਰ ਕਿਸਮਤ ਅਜ਼ਮਾਈ ਕਰ ਰਹੇ ਹਨ। ਬਰਤਾਨੀਆ ਦੀ ਰਿਚਮੰਡ ਐਂਡ ਨਾਰਥਅਲਰਟਨ ਅਜਿਹੀ ਸੀਟ ਹੈ, ਜਿੱਥੇ ਸਭ ਤੋਂ ਵੱਧ 13 ਉਮੀਦਵਾਰ ਮੈਦਾਨ 'ਚ ਹਨ, ਜਿਸ 'ਚ ਬਰਤਾਨੀਆਂ ਦਾ ਸਭ ਤੋਂ ਵੱਡਾ ਬੈਲਟ ਪੇਪਰ ਹੋਵੇਗਾ, ਜਦੋਂ ਕਿ 88 ਹਲਕਿਆਂ 'ਚ ਘੱਟੋ-ਘੱਟ ਉਮੀਦਵਾਰਾਂ ਦੀ ਗਿਣਤੀ 5 ਹੈ। ਲੰਡਨ ਦੀਆਂ 75 ਸੀਟਾਂ ਲਈ ਸਭ ਤੋਂ ਵੱਧ 575 ਉਮੀਦਵਾਰ ਮੈਦਾਨ 'ਚ ਹਨ। ਯੂ.ਕੇ. ਭਰ 'ਚ 46,560,452 ਮੱਤਦਾਤਾ ਹਨ। ਲੰਡਨ ਦੇ 80 ਕੌਂਸਲਰ ਆਮ ਚੋਣਾਂ ਲਈ ਉਮੀਦਵਾਰ ਹਨ, ਜਿਨ੍ਹਾਂ 'ਚ ਤਿੰਨ ਕੌਂਸਲਾਂ ਦੇ ਲੇਬਰ ਪਾਰਟੀ ਦੇ ਲੀਡਰ ਵੀ ਸ਼ਾਮਲ ਹਨ। ਦਸਤਾਰਧਾਰੀ ਸਿੱਖ ਉਮੀਦਵਾਰ ਜਸਬੀਰ ਸਿੰਘ ਅਠਵਾਲ ਰੈਡਬ੍ਰਿਜ਼ ਕੌਂਸਲ ਦੇ ਲੀਡਰ ਹਨ, ਜੋ ਇਲਫੋਰਡ ਦੱਖਣੀ ਤੋਂ ਲੇਬਰ ਪਾਰਟੀ ਦੇ ਉਮੀਦਵਾਰ ਹਨ, ਜਦੋਂ ਕਿ 31 ਸਾਬਕਾ ਕੌਂਸਲਰ ਵੀ ਚੋਣ ਮੈਦਾਨ 'ਚ ਹਨ।

## ਪ੍ਰਮੁੱਖ ਚੋਣ ਮੁੱਦੇ

ਇਨ੍ਹਾਂ ਚੋਣਾਂ 'ਚ ਪ੍ਰਮੁੱਖ ਮੁੱਦੇ ਵਧਦੀ ਮਹਿੰਗਾਈ, ਰੁਜ਼ਗਾਰ ਅਤੇ ਗ਼ੈਰ-ਕਾਨੂੰਨੀ ਪ੍ਰਵਾਸ ਹਨ, ਪਰ ਇਸ ਦੇ ਬਾਵਜੂਦ ਕੁਝ ਹਲਕਿਆਂ 'ਚ ਧਾਰਮਿਕ ਮੁੱਦੇ ਵੀ ਉੱਭਰ ਕੇ ਸਾਹਮਣੇ ਆਏ ਹਨ। ਲੇਬਰ ਪਾਰਟੀ ਵਲੋਂ ਨਿੱਜੀ ਸਕੂਲਾਂ, ਵਿਦੇਸ਼ੀ ਪ੍ਰਾਪਰਟੀ ਨਿਵੇਸ਼ਕਾਂ ਆਦਿ 'ਤੇ ਟੈਕਸ ਲਗਾਉਣ; ਰਾਸ਼ਟਰੀ ਬੀਮਾ, ਆਮਦਨ ਕਰ ਅਤੇ ਵੈਟ ਨਾ ਵਧਾਉਣ ਦਾ ਵਾਅਦਾ ਕੀਤਾ ਹੈ। ਰਾਸ਼ਟਰੀ ਸਿਹਤ ਸੰਸਥਾ ਐੱਨ.ਐੱਚ.ਐੱਸ. 'ਚ ਵੱਡੇ ਸੁਧਾਰ ਦਾ ਵਾਅਦਾ ਕੀਤਾ ਹੈ, ਜਦੋਂ ਕਿ ਕੰਜ਼ਰਵੇਟਿਵ ਪਾਰਟੀ ਨੇ ਟੈਕਸ ਕਟੌਤੀਆਂ ਦੀ ਪੇਸ਼ਕਸ਼ ਕੀਤੀ ਹੈ, ਜਿਸ 'ਚ ਰਾਸ਼ਟਰੀ ਬੀਮਾ ਦਰ 'ਚ 2 ਫ਼ੀਸਦੀ ਕਟੌਤੀ ਅਤੇ 4 ਲੱਖ 25 ਹਜ਼ਾਰ ਤੱਕ ਦੀ ਕੀਮਤ ਵਾਲੇ ਘਰਾਂ ਦੀ ਖਰੀਦਦਾਰੀ ਤੋਂ ਸਟੈਂਡ ਡਿਊਟੀ ਖ਼ਤਮ ਕਰਨਾ ਤੱਕ ਸ਼ਾਮਿਲ ਹੈ। ਐੱਨ.ਐੱਚ.ਐੱਸ. 'ਚ ਹੋਰ ਨਰਸਾਂ ਡਾਕਟਰਾਂ ਦੀ ਭਰਤੀ ਸਮੇਤ ਹਰ ਪਾਰਟੀ ਵਲੋਂ ਲੋਕਾਂ ਨਾਲ ਵਾਅਦੇ ਕੀਤੇ ਗਏ ਹਨ।

## ਘੱਟ ਗਿਣਤੀਆਂ ਅਤੇ ਭਾਰਤੀ ਭਾਈਚਾਰਾ

ਬਰਤਾਨੀਆ ਦੀਆਂ 2024 ਦੀਆਂ ਚੋਣਾਂ ਇਸ ਕਰਕੇ ਵੀ ਮਹੱਤਵਪੂਰਨ ਹਨ; ਕਿਉਂਕਿ ਇਹ ਪਹਿਲੀ ਵਾਰ ਹੈ ਕਿ ਸੱਤਾਧਾਰੀ ਪਾਰਟੀ ਦਾ ਆਗੂ ਅਤੇ ਮੌਜੂਦਾ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਭਾਰਤੀ ਪਿਛੋਕੜ ਦਾ ਹੈ, ਜੋ ਕੰਜ਼ਰਵੇਟਿਵ ਪਾਰਟੀ ਦੀ ਅਗਵਾਈ ਕਰ ਰਿਹਾ ਹੈ। ਯੂ.ਕੇ. 'ਚ 15 ਲੱਖ ਤੋਂ ਵੱਧ ਭਾਰਤੀਆਂ ਦੀ ਵਸੋਂ ਹੈ।

ਬਹੁਤ ਸਾਰੇ ਇਲਾਕੇ ਅਜਿਹੇ ਹਨ, ਜਿੱਥੇ ਭਾਰਤੀ ਭਾਈਚਾਰਾ ਰਾਜਸੀ ਸਮੀਕਰਨ ਬਦਲਣ ਦੀ ਸ਼ਕਤੀ ਰੱਖਦਾ ਹੈ, ਜਿਸ ਕਰਕੇ ਦੋਵੇਂ ਵੱਡੀਆਂ ਪਾਰਟੀਆਂ ਦੇ ਆਗੂ ਧਾਰਮਿਕ ਸਥਾਨਾਂ 'ਤੇ ਜਾ ਕੇ ਭਾਈਚਾਰਿਆਂ ਤੋਂ ਹਮਾਇਤ ਦੀ ਆਸ ਕਰਦੇ ਨਜ਼ਰ ਆ ਰਹੇ ਹਨ। ਇਨ੍ਹਾਂ ਚੋਣਾਂ 'ਚ ਗਾਜ਼ਾ 'ਚ ਚੱਲ ਰਹੇ ਯੁੱਧ ਨੂੰ ਵੀ ਚੋਣ ਪ੍ਰਚਾਰ ਦੇ ਹਿੱਸੇ ਵਜੋਂ ਵੇਖਿਆ ਜਾ ਰਿਹਾ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV

ਖ਼ਾਸ ਤੌਰ 'ਤੇ ਮੁਸਲਿਮ ਭਾਈਚਾਰੇ ਦੇ ਕੁਝ ਉਮੀਦਵਾਰਾਂ ਵਲੋਂ ਗਾਜ਼ਾ ਦੇ ਯੁੱਧ ਨੂੰ ਆਪਣੇ ਸਿਆਸੀ ਪ੍ਰਚਾਰ ਦਾ ਹਿੱਸਾ ਬਣਾਇਆ ਜਾ ਰਿਹਾ ਹੈ। ਵਰਕਰਜ਼ ਪਾਰਟੀ ਵਲੋਂ ਵੀ ਇਸ ਦਾ ਖੁੱਲ੍ਹ ਕੇ ਪ੍ਰਚਾਰ ਕੀਤਾ ਜਾ ਰਿਹਾ ਹੈ, ਜਿਨ੍ਹਾਂ ਨੇ ਕੰਜ਼ਰਵੇਟਿਵ ਪਾਰਟੀ ਦੇ ਨਾਲ-ਨਾਲ ਲੇਬਰ ਪਾਰਟੀ ਨੂੰ ਵੀ ਮੁੱਖ ਨਿਸ਼ਾਨੇ 'ਤੇ ਲਿਆ ਹੈ। ਪੰਜਾਬੀ ਪਿਛੋਕੜ ਵਾਲੇ ਮੌਜੂਦਾ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਰਿਚਮੰਡ ਅਤੇ ਨਾਰਥਲਰਟਨ ਤੋਂ ਕੰਜ਼ਰਵੇਟਿਵ ਪਾਰਟੀ ਦੇ ਉਮੀਦਵਾਰ ਹਨ। ਗੁਜਰਾਤੀ ਮੂਲ ਦੀ ਸਾਬਕਾ ਗ੍ਰਹਿ ਮੰਤਰੀ ਪ੍ਰੀਤੀ ਪਟੇਲ ਵਿਟਹੈਮ ਤੋਂ ਉਮੀਦਵਾਰ ਹੈ।

## ਪੰਜਾਬੀ ਪਿਛੋਕੜ ਵਾਲੇ ਉਮੀਦਵਾਰ

ਇਨ੍ਹਾਂ ਚੋਣਾਂ 'ਚ ਸਿੱਖ ਨੈੱਟਵਰਕ ਵਲੋਂ ਤੀਜਾ ਸਿੱਖ ਚੋਣ ਮਨੋਰਥ ਪੱਤਰ ਜਾਰੀ ਕੀਤਾ ਗਿਆ ਹੈ, ਜਿਸ 'ਚ ਸਿੱਖ ਭਾਈਚਾਰੇ ਦੀ 10 ਲੱਖ ਵਸੋਂ 'ਚੋਂ ਵਧੇਰੇ ਦਾ ਝੁਕਾਅ ਲੇਬਰ ਪਾਰਟੀ ਵੱਲ ਦਰਸਾਇਆ ਗਿਆ ਹੈ। ਚੋਣ ਮਨੋਰਥ ਪੱਤਰ 'ਚ ਕੰਜ਼ਰਵੇਟਿਵ ਪਾਰਟੀ ਦੀ ਸਰਕਾਰ ਮੌਕੇ ਸਿੱਖ ਮੁੱਦਿਆਂ ਨੂੰ ਨਜ਼ਰਅੰਦਾਜ਼ ਕਰਨ ਦੇ ਦੋਸ਼ ਲਗਾਏ ਗਏ ਹਨ, ਇਸ ਪੱਤਰ 'ਚ ਦਰਜਨ ਤੋਂ ਵੱਧ ਲੇਬਰ ਪਾਰਟੀ ਦੇ ਸਿੱਖ ਪਿਛੋਕੜ ਵਾਲੇ ਉਨ੍ਹਾਂ ਉਮੀਦਵਾਰਾਂ ਦੀਆਂ ਤਸਵੀਰਾਂ ਪ੍ਰਕਾਸ਼ਿਤ ਕੀਤੀਆਂ ਗਈਆਂ ਹਨ, ਜਿਨ੍ਹਾਂ ਦੀ ਜਿੱਤ ਦੇ ਦਾਅਵੇ ਕੀਤੇ ਜਾ ਰਹੇ ਹਨ ਜਾਂ ਜੋ ਸਭ ਤੋਂ ਵੱਧ ਸੁਰੱਖਿਅਤ ਲੇਬਰ ਸੀਟਾਂ ਤੋਂ ਚੋਣ ਲੜ ਰਹੇ ਹਨ। ਇਨ੍ਹਾਂ 'ਚ ਮੁੱਖ ਤੌਰ 'ਤੇ ਬਰਤਾਨਵੀ ਸਿਆਸਤ 'ਚ ਇਤਿਹਾਸਕ ਜਿੱਤ ਦਰਜ ਕਰ ਚੁੱਕੇ ਪਹਿਲੇ ਦਸਤਾਰਧਾਰੀ ਸਿੱਖ ਤਨਮਨਜੀਤ ਸਿੰਘ ਢੇਸੀ ਜੋ ਸਲੋਹ ਹਲਕੇ ਤੋਂ ਲੇਬਰ ਉਮੀਦਵਾਰ ਹਨ ਅਤੇ ਪਹਿਲੀ ਮਹਿਲਾ ਸਿੱਖ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਜੋ ਲੇਬਰ ਵਲੋਂ ਐਜ਼ਬਾਸਟਨ (ਬ੍ਰਮਿੰਘਮ) ਤੋਂ ਲੇਬਰ ਉਮੀਦਵਾਰ ਹੈ।

ਇਸ ਤੋਂ ਇਲਾਵਾ ਜਸਬੀਰ ਸਿੰਘ ਅਠਵਾਲ ਇਲਫੋਰਡ ਦੱਖਣੀ ਤੋਂ, ਸਤਵੀਰ ਕੌਰ ਸਾਊਥਹੈਂਪਟਨ, ਹਰਪ੍ਰੀਤ ਕੌਰ ਉੱਪਲ ਹਰਡਜ਼ਫੀਲਡ, ਵਾਰਿੰਦਰ ਸਿੰਘ ਜਸ ਵੁਲਵਰਹੈਂਪਟਨ ਪੱਛਮੀ, ਬਾਗੀ ਸ਼ੰਕਰ ਡਰਬੀ ਦੱਖਣੀ, ਡਾ: ਜੀਵਨ ਸਿੰਘ ਸੰਧਰ ਲੌਫਬਾਰੋ, ਕੀਰਥ ਐਂਟਵੀਸਲਾ ਬੋਲਟਨ ਉੱਤਰ ਪੂਰਬੀ, ਟੋਨੀ ਸਿੰਘ ਗਿੱਲ ਰਾਇਸਲਿੱਪ ਨੌਰਵੁੱਡ ਪਿਨਰ, ਪਵਿੱਤਰ ਕੌਰ ਮਾਨ ਵਿੰਡਸਰ, ਡਾ: ਗੁਰਪ੍ਰੀਤ ਕੌਰ ਪੱਡਾ ਵੇਵੀਨੇ ਵੈਲੀ, ਸੋਨੀਆ ਕੁਮਾਰ ਭੋਗਲ ਡਡਲੀ ਅਤੇ ਗੁਰਿੰਦਰ ਸਿੰਘ ਜੋਸ਼ਨ ਸਮੈਦਿਕ ਤੋਂ ਲੇਬਰ ਪਾਰਟੀ ਦੇ ਉਮੀਦਵਾਰ ਹਨ।

ਇੱਥੇ ਹੀ ਬੱਸ ਨਹੀਂ ਇਸ ਚੋਣ ਮਨੋਰਥ ਪੱਤਰ 'ਚ ਦਰਜ ਬਹੁਤ ਸਾਰੇ ਮਾਮਲਿਆਂ ਦੀ ਹਮਾਇਤ ਕਰਨ ਵਾਲੀ, ਹੈਸਟਨ ਫੈਲਥਮ ਹਲਕੇ ਤੋਂ ਲੇਬਰ ਪਾਰਟੀ ਦੀ ਉਮੀਦਵਾਰ ਸੀਮਾ ਮਲਹੋਤਰਾ ਵੀ ਤੀਜੀ ਵਾਰ ਚੋਣ ਲੜ ਰਹੀ ਹੈ। ਇੱਥੇ ਹੀ ਬਸ ਨਹੀਂ ਸਿੱਖ ਪਿੱਛੋਕੜ ਵਾਲੇ ਕਈ ਹੋਰ ਉਮੀਦਵਾਰ ਵੀ ਮੈਦਾਨ 'ਚ ਹਨ, ਜਿਨ੍ਹਾਂ 'ਚੋਂ ਵਰਕਰਜ਼ ਪਾਰਟੀ ਵਲੋਂ ਸਾਊਥਾਲ ਈਲਿੰਗ ਹਲਕੇ ਤੋਂ ਦਰਸ਼ਨ ਸਿੰਘ ਆਜ਼ਾਦ, ਹੈਸਟਨ ਫੈਲਥਮ ਤੋਂ ਅੰਮ੍ਰਿਤਪਾਲ ਸਿੰਘ ਮਾਨ ਤੇ ਰਿਫੌਰਮ ਪਾਰਟੀ ਵਲੋਂ ਪ੍ਰਭਦੀਪ ਸਿੰਘ ਉਮੀਦਵਾਰ ਹਨ। ਸਾਊਥਾਲ ਈਲਿੰਗ ਤੋਂ ਸੰਗੀਤ ਕੌਰ ਭੇਲ, ਜੋਗਿੰਦਰ ਸਿੰਘ ਆਜ਼ਾਦ ਉਮੀਦਵਾਰ ਹਨ। ਐਜ਼ਬਾਸਟਨ ਤੋਂ ਕੰਜ਼ਰਵੇਟਿਵ ਪਾਰਟੀ ਵਲੋਂ ਅਸ਼ਵੀਰ ਸਿੰਘ ਸੰਘਾ ਉਮੀਦਵਾਰ ਹਨ।

2024 ਦੀਆਂ ਸੰਸਦੀ ਚੋਣਾਂ 'ਚ ਪਹਿਲੀ ਵਾਰ ਹਿੰਦੂ ਚੋਣ ਮਨੋਰਥ ਪੱਤਰ ਜਾਰੀ ਵੀ ਕੀਤਾ ਗਿਆ ਹੈ। ਸਿਆਸੀ ਚਰਚਾ ਇਹ ਵੀ ਹੈ ਕਿ ਇਸ ਚੋਣ ਮਨੋਰਥ ਪੱਤਰ ਨੂੰ ਜ਼ਿਆਦਾਤਰ ਕੰਜ਼ਰਵੇਟਿਵ ਉਮੀਦਵਾਰਾਂ ਵਲੋਂ ਸਮਰਥਨ ਦਿੱਤਾ ਜਾ ਰਿਹਾ ਹੈ। ਇਨ੍ਹਾਂ ਚੋਣਾਂ 'ਚ ਪਹਿਲੀ ਵਾਰ ਕੁਝ ਹਲਕਿਆਂ 'ਚ ਧਾਰਮਿਕ ਮੁੱਦੇ ਵੀ ਜ਼ਿਆਦਾ ਪ੍ਰਚਾਰੇ ਜਾ ਰਹੇ ਹਨ, ਜਿਵੇਂ ਕਿ ਮੁਸਲਿਮ ਵੋਟ ਹਾਸਿਲ ਕਰਨ ਲਈ ਗਾਜ਼ਾ ਮਸਲੇ ਨੂੰ ਆਧਾਰ ਬਣਾਇਆ ਜਾ ਰਿਹਾ ਹੈ। ਇਹ ਮੁੱਦੇ ਲੇਬਰ ਪਾਰਟੀ ਨੂੰ ਕਿਤੇ ਨਾ ਕਿਤੇ ਪ੍ਰਭਾਵਿਤ ਕਰਦੇ ਨਜ਼ਰ ਆ ਰਹੇ ਹਨ। ਉੱਥੇ ਰਿਫਾਰਮ ਪਾਰਟੀ ਵਲੋਂ ਇਮੀਗ੍ਰੇਸ਼ਨ ਮਾਮਲੇ 'ਤੇ ਤਲਖੀ ਵਾਲੇ ਸ਼ਬਦ ਬੋਲੇ ਜਾ ਰਹੇ ਹਨ, ਜਿਸ ਨੂੰ ਲੈ ਕੇ ਬੀ.ਬੀ.ਸੀ. ਵਲੋਂ ਪ੍ਰਕਾਸ਼ਿਤ ਇਕ ਰਿਪੋਰਟ ਘੱਟ ਗਿਣਤੀਆਂ ਨੂੰ ਫ਼ਿਕਰਾਂ 'ਚ ਪਾ ਰਹੀ ਹੈ।

ਰਿਫਾਰਮ ਪਾਰਟੀ ਜਿਸ ਨੇ ਯੂਰਪੀਅਨ ਯੂਨੀਅਨ ਨਾਲੋਂ ਬਰਤਾਨੀਆ ਦੇ ਤੋੜ-ਵਿਛੋੜੇ 'ਚ ਅਹਿਮ ਭੂਮਿਕਾ ਨਿਭਾਈ ਸੀ, ਹੁਣ ਸੱਤਾਧਾਰੀ ਪਾਰਟੀ ਕੰਜ਼ਰਵੇਟਿਵ ਦੇ ਉਮੀਦਵਾਰਾਂ ਦਾ ਨੁਕਸਾਨ ਕਰਦੀ ਵੇਖੀ ਜਾ ਰਹੀ ਹੈ।

ਹੁਣ ਤੱਕ ਦੇ ਸਰਵੇਖਣ ਅਤੇ ਸਥਾਨਕ ਟੀ.ਵੀ. ਬਹਿਸਾਂ ਅਨੁਸਾਰ ਲੇਬਰ ਪਾਰਟੀ ਸਪੱਸ਼ਟ ਰੂਪ 'ਚ ਸਰਕਾਰ ਬਣਾ ਰਹੀ ਜਾਪਦੀ ਹੈ, ਪਰ ਇਹ 4 ਜੁਲਾਈ ਨੂੰ ਹੀ ਪਤਾ ਲੱਗੇਗਾ ਕਿ ਲੋਕ ਕਿਸ ਪਾਰਟੀ ਨੂੰ ਦੇਸ਼ ਦੀ ਵਾਗਡੋਰ ਸੌਂਪਦੇ ਹਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕੋਟਪਾ ਐਕਟ ਦੀ ਉਲੰਘਣਾਂ ਕਰਨ ਦੀ ਉਲੰਘਣਾਂ ਕਰਨ 'ਤੇ


# ਹੋਵੇਗੀ ਸਖਤ ਕਾਰਵਾਈ : ਸਿਵਲ ਸਰਜਨ ਡਾ. ਸੁਮੀਤ ਸਿੰਘ



**ਚੌਕ ਮਹਿਤਾ, 3 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੋਟਪਾ ਐਕਟ ਨੂੰ ਸਖਤੀ ਨਾਲ ਲਾਗੂ ਕਰਨ ਸੰਬਧੀ ਅੱਜ ਸਿਵਲ ਸਰਜਨ ਅੰਮ੍ਰਿਤਸਰ ਡਾ ਸੁਮੀਤ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਿਲ੍ਹਾ ਨੋਡਲ ਅਫਸਰ ਐਨ.ਟੀ.ਸੀ.ਪੀ. ਕਮ ਡੀ.ਡੀ.ਐਚ.ਓ. ਡਾ ਜਗਨਜੋਤ ਕੋਰ ਵਲੋਂ ਇਕ ਸਪੈਸ਼ਲ ਟੀਮ ਦਾ ਗਠਣ ਕੀਤਾ ਗਿਆ।ਜਿਸ ਵਿਚ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਐਸ.ਆਈ. ਪਰਮਜੀਤ ਸਿੰਘ, ਦੀਪਕ ਕੁਮਾਰ, ਰਜੇਸ਼ ਕੁਮਾਰ, ਜੁਝਾਰ ਸਿੰਘ, ਰਸ਼ਪਾਲ ਸਿੰਘ, ਬਲਵਿੰਦਰ ਸਿੰਘ ਅਤੇ ਸਹਾਇਕ ਸਟਾਫ ਸ਼ਾਮਿਲ ਸਨ।ਇਸ ਟੀਮ ਵਲੋਂ ਮੌਕੇ ਤੇ ਕਾਰਵਾਈ ਕਰਦਿਆਂ ਹੋਇਆ ਸ਼ਹਿਰ ਦੇ ਵੱਖ-ਵੱਖ ਇਲਕਿਆਂ ਵਿਚ ਤੰਬਾਕੂ ਵਿਕਰੇਤਾਵਾਂ ਦੀ ਜਾਂਚ ਕੀਤੀ ਗਈ, ਜਿਸ ਦੌਰਾਣ ਕੋਰਟ ਰੋਡ, ਏਅਰ ਪੋਰਟ ਰੋਡ, ਅਤੇ ਰਾਜਾ ਸਾਂਸੀ ਦੇ ਨੇੜੇ ਦੇ ਇਲਾਕਿਆਂ ਵਿਚ 21 ਦੁਕਾਨਦਾਰਾਂ ਅਤੇ ਪਬਲਿਕ ਪਲੇਸ ਤੇ ਸਿਗਰਟ ਪੀਣ ਵਾਲੇ 6 ਲੋਕਾਂ ਦੇ ਮੌਕੇ ਤੇ ਚਲਾਣ ਕਟੇ ਗਏ ਅਤੇ ਪੰਜਾਬ ਸਰਕਾਰ ਵਲੋਂ ਤਹਿਤ ਸਮੂਹ ਤੰਬਾਕੂ ਵਿਕ੍ਰੇਤਾਵਾਂ ਨੂੰ ਚੇਤਾਵਨੀਂ ਦਿੰਦਿਆ ਹਿਦਾਇਤਾਂ ਜਾਰੀ ਕੀਤੀਆਂ ਅਤੇ ਮੌਕੇ ਤੇ ਬਿਨਾਂ ਮਾਪ-ਦੰਡ ਵਾਲੇ ਸਿਗਰਟ ਪ੍ਰੋਗਕਟ ਨੂੰ ਨਸ਼ਟ ਵੀ ਕੀਤਾ ਗਿਆ। ਇਸ ਅਵਸਰ ਤੇ ਡਾ ਸੁਮੀਤ ਸਿੰਘ ਵਲੋ ਇਸ ਮੌਕੇ ਤੇ ਜਾਣਕਾਰੀ ਦਿੱਤੀ ਗਈ ਕਿ ਭਾਰਤ ਸਰਕਾਰ ਵਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਇਹ ਲਾਜਮੀਂ ਕੀਤਾ ਹੈ ਕਿ ਹਰੇਕ ਤੰਬਾਕੂ ਪ੍ਰੋਡਕਟ ਦੇ ਪੈਕਟ ਦੇ ਦੋਵੇਂ ਪਾਸੇ ਇਕ ਨਿਰਧਾਰਤ ਮਾਪਦੰਡ ਅਨੁਸਾਰ ਇਕ ਨਿਰਧਾਰਤ ਫੋਟੋ ਅਤੇ ਉਸ ਉਪੱਰ "ਤੰਬਾਕੂ ਦਰਦਨਾਕ ਮੌਤ ਦਾ ਕਾਰਣ ਬਣਦਾ ਹੈ,ਇਸਨੂੰ ਅੱਜ ਹੀ ਬੰਦ ਕਰੋ, ਸੰਪਰਕ ਨੰ: 1800-11-2356" ਲਿਖਿਆ ਜਾਣਾਂ ਲਾਜਮੀਂ ਹੈ।ਇਸਦੇ ਨਾਲ ਹੀ ਫਰੰਟ ਤੇ ਸਫੈਦ ਬੈਕਗ੍ਰਾਉਂਡ ਅਤੇ ਪਿਛਲੇ ਪਾਸੇ ਕਾਲੇ ਰੰਗ ਦੀ ਬੈਕਗ੍ਰਾਉਂਡ ਹੋਣੀਂ ਜਰੂਰੀ ਹੈ।ਉਪਰੋਕਤ ਹਿਦਾਇਤਾਂ 1 ਦਸੰਬਰ 2020 ਤੋਂ ਲਾਗੂ ਹਨ।ਇਸ ਲਈ ਬਿਨਾਂ ਉਪਰੋਕਤ ਮਾਪਦੰਡ ਦੇ ਤੰਬਾਕੂ ਵੇਚਣਾਂ ਕਾਨੂੰਨਣ ਸਜਾ ਯੋਗ ਅਪਰਾਧ ਹੈ। ਇਸ ਲਈ ਜੇਕਰ ਕੋਈ ਵੀ ਤੰਬਾਕੂ ਵਿਕ੍ਰੇਤਾਂ ਬਿਨਾਂ ਮਾਪਦੰਡ ਵਾਲਾ ਤੰਬਾਕੂ ਸਮਾਨ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਧਾਰਾ 20 ਤਹਿਤ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਤੋਂ ਇਲਾਵਾ ਖੁੱਲੀ ਸਿਗਟਰ ਵੇਚਣਾਂ ਅਤੇ ਪਬਲਿਕ ਪਲੇਸ ਤੇ ਤੰਬਾਕੂ ਨੋਸ਼ੀ ਕਰਨਾਂ ਵੀ ਸਜਾ/ਜੁਰਮਾਨੇਂ ਯੋਗ ਅਪਰਾਧ ਹੈ।

### ਗਰਮੀ ਤੋਂ ਰਾਹਤ ਅਤੇ ਵਾਤਾਵਰਨ ਨੂੰ ਸ਼ੁੱਧ ਬਣਾਉਣ ਲਈ

# ਵੱਧ ਤੋਂ ਵੱਧ ਬੂਟੇ ਲਗਾਉਣ ਦੀ ਲੋੜ : ਜਸਵੰਤ ਸਿੰਘ ਹਰਪੁਰਾ ਯੂਐਸਏ



**ਧੂਰੀ ( ਰਣਜੀਤ ਸਿੰਘ ਪੇਧਨੀ )**-ਫਸਲਾਂ ਦੇ ਨਾੜ ਨੂੰ ਅੱਗ ਲਾਉਣ ਕਾਰਨ ਦਰੱਖਤਾਂ ਦਾ ਸੜਨਾ ਵੀ ਚਿੰਤਾ ਦਾ ਵਿਸ਼ਾ ਹੈ। ਜਿਸ ਕਾਰਨ ਪੰਜਾਬ ਰਾਜਸਥਾਨ ਦਾ ਰੂਪ ਧਾਰਦਾ ਜਾ ਰਿਹਾ ਹੈ। ਪੰਜਾਬ ਸਰਕਾਰ ਨੂੰ ਸਰਕਾਰੀ ਅਦਾਰਿਆਂ ਦੀਆਂ ਖਾਲੀ ਜਾਇਦਾਦਾਂ ਜਿਵੇਂ ਪੀ.ਡਬਲਿਊ.ਡੀ, ਨਹਿਰੀ ਵਿਭਾਗ, ਜੰਗਲਾਤ ਵਿਭਾਗ ਅਤੇ ਹੋਰ ਸਰਕਾਰੀ ਸੰਸਥਾਵਾਂ ਦੀਆਂ ਖਾਲੀ ਥਾਵਾਂ 'ਤੇ ਵੱਧ ਤੋਂ ਵੱਧ ਦਰੱਖਤ ਲਾਉਣ ਦੀ ਹਦਾਇਤ ਕਰਨੀ ਚਾਹੀਦੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਜਸਵੰਤ ਸਿੰਘ ਹਰਪੁਰਾ ਯੂਐਸਏ ਨੇ ਕੀਤਾ। ਉਨ੍ਹਾਂ ਕਿਹਾ ਕਿ ਨਗਰ ਕੌਂਸਲ, ਕਾਰਪੋਰੇਸ਼ਨਾਂ ਅਤੇ ਗ੍ਰਾਮ ਪੰਚਾਇਤਾਂ ਦੀਆਂ ਜ਼ਮੀਨਾਂ ਉਤੇ 10 ਪ੍ਰਤੀਸ਼ਤ ਜਗ੍ਹਾ ਵਿਚ ਜੰਗਲ ਲਾਉਣ ਦੀ ਹਦਾਇਤ ਕਰਨੀ ਚਾਹੀਦੀ ਹੈ। ਹਰਪੁਰਾ ਨੇ ਪੰਜਾਬ ਦੇ ਹਰ ਵਸ਼ਿੰਦੇ ਨੂੰ, ਗ੍ਰਾਮ ਪੰਚਾਇਤਾਂ ਨੂੰ ਆਪਣੇ ਪੱਧਰ ਫਲਦਾਰ ਅਤੇ ਛਾਂਦਾਰ ਦਰੱਖਤ ਲਾਉਣ ਅਤੇ ਉਨ੍ਹਾਂ ਦੀ ਆਪਣੇ ਪੱਧਰ 'ਤੇ ਦੇਖਭਾਲ ਕਰਨ ਦੀ ਅਪੀਲ ਕੀਤੀ ਤਾਂ ਜੋ ਪੰਜਾਬ ਨੂੰ ਹਰਿਆ- ਭਰਿਆ ਤੇ ਚੰਗਾ ਵਾਤਾਵਰਨ ਬਣਾਇਆ ਜਾ ਸਕੇ ਅਤੇ ਸਾਡੀ ਆਉਣ ਵਾਲੀ ਪਨੀਰੀ ਦਾ ਭਵਿੱਖ ਖਤਰੇ ਵਿਚੋਂ ਨਿਕਲ ਸਕੇ।ਵਾਤਾਵਰਨ ਨੂੰ ਚੰਗਾ ਬਣਾਉਣ ਲਈ ਸਰਕਾਰ ਅਤੇ ਲੋਕਾਂ ਨੂੰ ਰਲ ਮਿਲ ਕੇ ਆਪਣੀ ਜ਼ਿੰਮੇਵਾਰੀ ਸਮਝ ਕੇ ਉਪਰਾਲੇ ਕਰਨੇ ਪੈਣਗੇ।

### ਡਿਪਟੀ ਕਮਿਸ਼ਨਰ ਪਠਾਨਕੋਟ ਨੇ

# ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਕੀਤਾ ਰੀਵਿਓ

**ਪਠਾਨਕੋਟ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅੱਜ ਡਿਪਟੀ ਕਮਿਸਨਰ ਪਠਾਨਕੋਟ ਸ੍ਰੀ ਆਦਿੱਤਿਆ ਉੱਪਲ ਵੱਲੋਂ ਜੂਨ ਮਹੀਨੇ ਦੋਰਾਨ ਵੱਖ ਵੱਖ ਵਿਭਾਗਾਂ ਵੱਲੋਂ ਕੀਤੇ ਵਿਕਾਸ ਕਾਰਜਾਂ ਦਾ ਰੀਵਿਓ ਮਹੀਨਾਵਾਰ ਮੀਟਿੰਗ ਦੋਰਾਨ ਕੀਤਾ ਗਿਆ ਅਤੇ ਜਿਲ੍ਹਾ ਪਠਾਨਕੋਟ ਅੰਦਰ ਗ੍ਰਾਮੀਣ ਪੱਧਰ ਅਤੇ ਸਹਿਰ ਪੱਧਰ ਤੇ ਚਲ ਰਹੇ ਵਿਕਾਸ ਕਾਰਜਾਂ ਨੂੰ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨ ਦੇ ਲਈ ਜਿਲ੍ਹਾ ਅਧਿਕਾਰੀਆਂ ਨੂੰ ਦਿਸਾ ਨਿਰਦੇਸ ਦਿੱਤੇ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਅੰਕੁਰਜੀਤ ਸਿੰਘ ਵਧੀਕ ਡਿਪਟੀ ਕਮਿਸਨਰ (ਜ) ਪਠਾਨਕੋਟ, ਪਰਮਜੀਤ ਸਿੰਘ ਵਧੀਕ ਡਿਪਟੀ ਕਮਿਸਨਰ ਵਿਕਾਸ, ਸਤੀਸ ਸੈਣੀ ਕਾਰਪੋਰੇਸਨ ਪਠਾਨਕੋਟ, ਯੁੱਧਵੀਰ ਸਿੰਘ ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਅਤੇ ਹੋਰ ਵੱਖ ਵੱਖ ਵਿਭਾਗਾਂ ਦੇ ਜਿਲ੍ਹਾ ਅਧਿਕਾਰੀ ਵੀ ਹਾਜਰ ਸਨ। ਮੀਟਿੰਗ ਦੋਰਾਨ ਸ੍ਰੀ ਆਦਿੱਤਿਆ ਉੱਪਲ ਡਿਪਟੀ ਕਮਿਸਨਰ ਪਠਾਨਕੋਟ ਨੇ ਜਿਲ੍ਹਾ ਪਠਾਨਕੋਟ ਵਿੱਚ ਵੱਖ ਵੱਖ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਰੀਵਿਓ ਕੀਤਾ।ਉਨ੍ਹਾਂ ਮੀਟਿੰਗ ਦੋਰਾਨ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਅਤੇ ਪੰਚਾਇਤ ਰਾਜ ਵਿਭਾਗ ਵੱਲੋਂ ਪਿੰਡਾਂ ਅੰਦਰ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਰੀਵਿਓ ਕੀਤਾ ਅਤੇ ਲੰਮੇ ਸਮੇਂ ਤੋਂ ਪੈਡਿੰਗ ਪਏ ਵਿਕਾਸ ਕਾਰਜਾਂ ਨੂੰ ਨਿਰਧਾਰਤ ਸਮੇਂ ਅੰਦਰ ਮੁਕੰਮਲ ਕਰਨ ਲਈ ਹਦਾਇਤਾਂ ਦਿੱਤੀਆਂ। ਉਨ੍ਹਾਂ ਵਾਟਰ ਸਪਲਾਈ ਐਂਡ ਸੈਨੀਟੇਸਨ ਵਿਭਾਗ ਨਾਲ ਜਿਲ੍ਹਾ ਪਠਾਨਕੋਟ ਦੇ ਪਿੰਡਾਂ ਅੰਦਰ ਘਰ੍ਹਾਂ ਅੰਦਰ ਪਖਾਨਿਆਂ ਦੇ ਨਿਰਮਾਣ ਨੂੰ ਲੈ ਕੇ ਚਰਚਾ ਕੀਤੀ ਅਤੇ ਜਿਲ੍ਹੇ ਅੰਦਰ ਮੋਜੂਦਾ ਸਮੇਂ ਦੋਰਾਨ ਪ੍ਰਗਤੀ ਰਿਪੋਰਟ ਦਾ ਰੀਵਿਓ ਕੀਤਾ। ਉਨ੍ਹਾਂ ਇਸ ਮੋਕੇ ਤੇ ਵੱਖ ਵੱਖ ਬਲਾਕਾਂ ਅੰਦਰ ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਨਾਲ ਜਿਲ੍ਹੇ ਪਠਾਨਕੋਟ ਦੇ ਪਿੰਡਾਂ ਅੰਦਰ ਚਲ ਰਹੇ ਵਿਕਾਸ ਕਾਰਜਾਂ ਤੇ ਚਰਚਾ ਕੀਤੀ ਅਤੇ ਹਦਾਇਤ ਕੀਤੀ ਕਿ ਜਿਨ੍ਹਾਂ ਪਿੰਡਾਂ ਅੰਦਰ ਵਿਕਾਸ ਕਾਰਜ ਲੰਮੇ ਸਮੇਂ ਤੋਂ ਰੁਕੇ ਹੋਏ ਹਨ ਉਨ੍ਹਾਂ ਕਾਰਜਾਂ ਨੂੰ ਨਿਰਧਾਰਤ ਸਮੇਂ ਅੰਦਰ ਪੂਰਾ ਕੀਤਾ ਜਾਵੇ ਅਤੇ ਉਨ੍ਹਾਂ ਕਾਰਜਾਂ ਦੇ ਯੂ.ਸੀ. ਜਮ੍ਹਾ ਕਰਵਾਏ ਜਾਣ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਚਲਾਏ ਜਾ ਰਹੇ ਜਨ ਭਲਾਈ ਸਕੀਮਾਂ ਅਧੀਨ ਕੀਤੇ ਜਾ ਰਹੇ ਕਾਰਜਾਂ ਤੇ ਫੋਕਸ ਕੀਤਾ ਜਾਵੈ ਅਤੇ ਗਰਾਊਂਡ ਪੱਧਰ ਤੇ ਕਾਰਜਾਂ ਵੱਲੋਂ ਧਿਆਨ ਦਿੱਤਾ ਜਾਵੈ ਤਾਂ ਜੋ ਲੋਕ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਜਨ ਭਲਾਈ ਸਕੀਮਾਂ ਤੋਂ ਲਾਭ ਪ੍ਰਾਪਤ ਕਰ ਸਕਣ।

> **ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼ ਨਿਰਧਾਰਤ ਸਮੇਂ ਅੰਦਰ ਕੀਤੇ ਜਾਣ ਵਿਕਾਸ ਕਾਰਜ ਮੁਕੰਮਲ**

# ਨਫ਼ਰਤ ਫੈਲਾਉਣ ਵਾਲੀ ਕੰਗਨਾ ਰਣੌਤ ਦੀ ਮਾੜੀ ਬੋਲ ਬਾਣੀ ਨੂੰ ਨੱਥ ਪਾਉਣ ਦੀ ਥਾਂ ਸਰਕਾਰ ਵਲੋਂ ਕੁਲਵਿੰਦਰ ਕੌਰ ਦਾ ਬੰਗਲੌਰ ਤਬਾਦਲਾ ਮੰਦਭਾਗਾ: ਸਰਨਾ



ਨਵੀ ਦਿੱਲੀ 3 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):-ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਜਾਰੀ ਇਕ ਪ੍ਰੈੱਸ ਨੋਟ ਰਾਹੀਂ ਕਿਹਾ ਕਿ ਏਅਰਪੋਰਟ 'ਤੇ ਨਿਯਮਾਂ ਦੀ ਪਾਲਣਾ ਨਾ ਕਰਨ ਕਾਰਨ ਭਾਜਪਾ ਐਮ.ਪੀ ਨੂੰ ਰੋਕਣ ਵਾਲੀ ਪੰਜਾਬ ਦੀ ਬਹਾਦਰ ਧੀ ਕੁਲਵਿੰਦਰ ਕੌਰ ਦਾ ਜੋ ਸਰਕਾਰ ਵੱਲੋਂ ਬੰਗਲੌਰ ਵਿਖੇ ਤਬਾਦਲਾ ਕੀਤਾ ਗਿਆ ਹੈ । ਇਹ ਇਮਾਨਦਾਰੀ ਨਾਲ ਨੌਕਰੀ ਕਰਨ ਵਾਲੇ ਹਰ ਮੁਲਾਜ਼ਮ ਦਾ ਮਨੋਬਲ ਤੋੜਨ ਵਾਲੀ ਗੱਲ ਹੈ । ਸਰਕਾਰ ਨੂੰ ਅਜਿਹੀ ਖੁੰਦਕੀ ਕਰਵਾਈ ਤੋਂ ਬਚਣਾ ਚਾਹੀਦਾ ਹੈ । ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਆਪਣੀ ਡਿਊਟੀ ਇਮਾਨਦਾਰੀ ਨਾਲ ਨਿਭਾ ਰਹੀ ਕੁਲਵਿੰਦਰ ਕੌਰ ਨੂੰ ਜਾਣ ਬੁਝਕੇ ਘਰ ਤੋਂ ਦੂਰ ਬਦਲੀ ਕਰਕੇ ਸਬਕ ਸਿਖਾਇਆ ਜਾ ਰਿਹਾ ਹੈ । ਭਾਜਪਾ ਸਰਕਾਰ ਨੂੰ ਚਾਹੀਦਾ ਸੀ ਕਿ ਉਹ ਸਦਾ ਨਫ਼ਰਤ ਫੈਲਾਉਣ ਵਾਲੀ ਐਮਪੀ ਦੀ ਮਾੜੀ ਬੋਲ ਬਾਣੀ ਨੂੰ ਨੱਥ ਪਾਉਂਦੀ ਨਾ ਕਿ ਇਸ ਤਰ੍ਹਾਂ ਦੀਆਂ ਕਾਰਵਾਈਆਂ ਕਰਦੀ ਜਿਸਦੇ ਨਾਲ ਪੂਰੇ ਦੇਸ਼ ਦੇ ਸੁਰੱਖਿਆ ਬਲਾਂ ਵਿੱਚ ਗਲਤ ਪ੍ਰਭਾਵ ਜਾਂਦਾ ਹੋਵੇ।

# ਸੰਤਾਂ ਦਾ ਜੀਵਨ ਚਰਿੱਤਰ ਅਟੱਲ ਹੈ: ਸਾਗਰ ਮੁਨੀ ਸ਼ਾਸਤਰੀ



**ਚੌਕ ਮਹਿਤਾ, 3 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੰਤ ਸਮਾਜ ਦੀ ਮੁੱਖ ਇਕਾਈ ਹਨ। ਸੰਤ ਸਮਾਜ ਲਈ ਆਪਣਾ ਸਾਰਾ ਜੀਵਨ ਕੁਰਬਾਨ ਕਰ ਦਿੰਦੇ ਹਨ। ਇਤਿਹਾਸ ਅਜਿਹੇ ਮਹਾਨ ਸੰਤਾਂ ਦੀਆਂ ਕਹਾਣੀਆਂ ਨਾਲ ਭਰਿਆ ਪਿਆ ਹੈ। ਚੌਕ ਪਾਸੀਆਂ ਸਥਿਤ ਅਧਿਆਤਮਿਕ ਕੇਂਦਰ ਪ੍ਰਾਚੀਨ ਮੰਦਿਰ ਸ਼੍ਰੀ ਜੈ ਕ੍ਰਿਸ਼ਣੀਆ ਵਿਖੇ ਸੰਤ ਸਮਾਗਮ ਦਾ ਆਯੋਜਨ ਕੀਤਾ ਗਿਆ। ਬ੍ਰਹਮਵਿਦਿਆ ਸ਼ਾਸਤਰ ਅਨੁਸਾਰ ਸੰਤਾਂ ਦਾ ਮਿਲਣਾ ਰੱਬ ਨੂੰ ਮਿਲਣ ਜਿੰਨਾ ਗੁਣਕਾਰੀ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਮੰਦਰ ਦੇ ਸੰਚਾਲਕ ਨੌਜਵਾਨ ਸੰਤ ਦਰਸ਼ਨਚਾਰੀਆ ਸਾਗਰ ਮੁਨੀ ਸ਼ਾਸਤਰੀ ਜੀ ਨੇ ਕਿਹਾ ਕਿ ਸੰਤ ਮਹੰਤ ਸਮਾਜ ਨੂੰ ਨਵੀਂ ਦਿਸ਼ਾ ਅਤੇ ਚੇਤਨਾ ਪ੍ਰਦਾਨ ਕਰਦੇ ਹਨ। ਉਹ ਸਮਾਜ ਨੂੰ ਸਿੱਖਿਅਤ ਕਰਨ ਲਈ ਜੀਵਨ ਦੇ ਸੰਸਾਰਕ ਸੁੱਖਾਂ ਨੂੰ ਕੁਰਬਾਨ ਕਰ ਦਿੰਦੇ ਹਨ, ਇਸ ਲਈ ਅਜਿਹੇ ਵਿਰਲੇ ਸੰਤਾਂ ਨੂੰ ਜ਼ਰੂਰ ਮਿਲਣਾ ਚਾਹੀਦਾ ਹੈ। ਇਸ ਜੋੜ ਮੇਲੇ ਵਿੱਚ ਅੰਨ ਦਾਨ, ਵਸਤਰ ਦਾਨ, ਭਜਨ-ਪੂਜਾ ਅਤੇ ਭੇਟਕਾਲ ਦੀ ਰਸਮ ਅਦਾ ਕੀਤੀ ਗਈ। ਜੈ ਕ੍ਰਿਸ਼ਨ ਸੰਪਰਦਾ ਦੀਆਂ ਪੂਜਾ ਵਿਧੀਆਂ ਬਹੁਤ ਵਿਲੱਖਣ ਹਨ ਕਿਉਂਕਿ ਉਹ ਬ੍ਰਹਮਵਿਦਿਆ ਸ਼ਾਸਤਰ ਨਾਲ ਸਬੰਧਤ ਹਨ। ਮਹੰਤ ਕਨਹੇਰਾਜ ਬਾਬਾ ਨੇ ਮਹਾਰਾਸ਼ਟਰ ਵਿੱਚ ਹੋਣ ਵਾਲੇ ਸ਼੍ਰੀਮਦ ਮਹਾਵਾਕਯ ਚੋਣ ਉਤਸਵ ਲਈ ਸੰਤਾਂ ਦੇ ਨਾਲ ਸੰਗਤ ਨੂੰ ਵੀ ਸੱਦਾ ਦਿੱਤਾ। ਇਸ ਪ੍ਰੋਗਰਾਮ ਵਿੱਚ ਦਿੱਲੀ ਤੋਂ ਕਵੀਸ਼ਵਰ ਕੁਲਭੂਸ਼ਣ ਮਹੰਤ ਸ਼੍ਰੀ ਕਨਹੇਰਾਜ ਪੁਰਸ਼ੋਤਮ ਸ਼ਾਸਤਰੀ, ਮਹੰਤ ਸ਼੍ਰੀ ਵਾਡੇਗਾਂਵਕਰ ਬਾਬਾ, ਮਹੰਤ ਸ਼੍ਰੀ ਓਮਕਾਰ ਬਾਬਾ ਸ਼ਾਸਤਰੀ, ਮਹਾਤਮਾ ਸ਼੍ਰੀ ਰਾਜੂ ਦਾਦਾ ਬੀਡਕਰ, ਮਹਾਤਮਾ ਸ਼੍ਰੀ ਗੋਪਾਲ ਦਾਦਾ ਭੋਜਨੇ, ਸ਼੍ਰੀ ਧਨੰਜੇ ਦਾਦਾ ਬੀਡਕਰ ਅਤੇ ਸ਼੍ਰੀ ਵੈਭਵ ਦਾਦਾ ਕਰਾਂਜੇਕਰ ਮੌਜੂਦ ਸਨ।

# ਇਲਾਕੇ 'ਚ ਨਸ਼ਿਆਂ ਤੇ ਨਜਾਇਜ਼ ਧੰਦਾ ਕਰਨ ਵਾਲੇ ਬਖਸ਼ੇ ਨਹੀਂ ਜਾਣਗੇ: ਐਸ ਐਚ ਓ ਕਰਮਜੀਤ ਸਿੰਘ



ਧੂਰੀ ( ਰਣਜੀਤ ਸਿੰਘ ਪੇਧਨੀ ) ਇਲਾਕੇ ਵਿਚੋਂ ਨਸ਼ੇ ਦਾ ਕੋਹੜ ਵੱਢਿਆ ਨੂੰ ਜਾਵੇਗਾ ਸਾਨੂੰ ਆਮ ਦੇ ਸਹਿਯੋਗ ਬਹੁਤ ਲੋੜ ਹੈ ਨਸਿਆਂ ਦੇ ਸੌਦਾਗਰਾਂ ਤੇ ਨਜਾਇਜ਼ ਧੰਦਾ ਕਰਨ ਵਾਲੇ ਵਿਅਕਤੀਆਂ ਨੂੰ ਕਾਬੂ ਕਰਕੇ ਜੇਲ ਦੀਆਂ ਸਲਾਖਾਂ ਪਿੱਛੇ ਕੀਤਾ ਜਾਵੇਗਾ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ, ਕਰਮਜੀਤ ਸਿੰਘ ਐਸ,ਐਚ,ਓ ਸਦਰ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ ਸਖਤੀ ਨਾਲ ਕੰਮ ਕੀਤਾ ਜਾਵੇਗਾ,ਜਿਸ ਵਿੱਚ ਇਲਾਕੇ ਦੇ ਨਗਰ ਪੰਚਾਇਤ, ਯੂਥ ਕਲੱਬ, ਅਤੇ ਮੋਹਤਬਰ ਵਿਆਕਤੀਆਂ ਦੇ ਸਹਿਯੋਗ ਦੀ ਲੋੜ ਹੈ ਤਾ ਜੋ ਨਸਿਆਂ ਦੇ ਵਗ ਰਹੇ ਛੇਵੇਂ ਦਰਿਆਂ ਨੂੰ ਠੱਲ ਪਾਈ ਜਾ ਸਕੇ । ਇਲਾਕੇ ਵਿੱਚ ਨਸ਼ਿਆਂ ਦੇ ਕਾਰੋਬਾਰ ਅਤੇ ਨਾਜਾਇਜ਼ ਧੰਦਾ ਕਰਨ ਵਾਲੇ ਸੌਦਾਗਰਾਂ ਸਬੰਧੀ ਜਾਣਕਾਰੀ ਹੈ ਤਾਂ ਉਸ ਦੀ ਸੂਚਨਾ ਸਦਰ ਥਾਣਾ ਨੂੰ ਦਿਓ, ਜਾਣਕਾਰੀ ਦੇਣ ਵਾਲੇ ਵਿਅਕਤੀ ਦਾ ਨਾਮ ਪਤਾ ਗੁਪਤ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਨਾਜਾਇਜ਼ ਧੰਦਾ ਕਰਨ ਵਾਲੇ ਵਿਅਕਤੀ ਕਿਹਾ ਕਿ ਉਹ ਆਪਣੇ ਆਪ ਤੋਂ ਬਾਜ਼ ਆ ਜਾਣ ਨਹੀਂ ਤਾਂ ਕਾਨੂੰਨ ਅਨੁਸਾਰ ਕਾਰਵਾਈ ਕਰਕੇ ਉਸ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243